ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 24 ਅਗਸਤ 2024 (ਨਾਨਕਸ਼ਾਹੀ ਸੰਮਤ : ੫੫੬, ੯ ਭਾਦਰੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਐਂਬੂਲੈਂਸ ਤੇ ਕਾਰ ਦੀ ਜ਼ਬਰਦਸਤ ਟੱਕਰ, ਐਂਬੂਲੈਂਸ ਸਵਾਰ ਮਰੀਜ਼ ਦੀ ਮੌਤ

**ਬਾਘਾਪੁਰਾਣਾ, 23 ਅਗਸਤ (ਆਵਾਜ਼ਿ ਕੌਮ ਬਿਊਰੋ)**-ਸਬ ਡਵੀਜ਼ਨ ਬਾਘਾਪੁਰਾਣਾ ਦੇ ਨੇੜਲੇ ਪਿੰਡ ਰਾਜਿਆਣਾ ਦੇ ਬੱਸ ਸਟੈਂਡ ਤੇ ਐਂਬੂਲੈਂਸ ਅਤੇ ਮਰੂਤੀ ਸਜ਼ੂਕੀ ਏ ਸਟਾਰ ਕਾਰ ਇਕੋ ਸਾਈਡ ਤੋਂ ਟਕਰਾਉਣ ਨਾਲ਼ ਐਂਬੂਲੈਂਸ ਦੇ ਮਰੀਜ਼ ਦੀ ਮੌਕੇ 'ਤੇ ਮੌਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਮੌਕੇ 'ਤੇ ਮੌਜੂਦ ਲੋਕਾਂ ਨੇ ਦੱਸਿਆ ਕਿ ਕਰੀਬ 5 ਵਜੇ ਸ਼ਾਮ ਨੂੰ ਐਂਬੂਲੈਂਸ ਮੋਗਾ ਹਸਪਤਾਲ ਤੋਂ ਮਰੀਜ਼ ਲੈ ਕੇ ਬਠਿੰਡਾ ਜਾ ਰਹੀ ਸੀ ਤਾਂ ਜਦੋਂ ਉਹ ਰਾਜਿਆਣਾ ਪਹੁੰਚੀ ਤਾਂ ਬਾਘਾਪੁਰਾਣਾ ਸਾਈਡ ਵੱਲੋਂ ਆ ਰਹੀ ਏ ਸਟਾਰ ਕਾਰ ਨਾਲ ਜ਼ਬਰਦਸਤ ਟੱਕਰ ਵੱਜੀ। ਇਸ ਦੌਰਾਨ ਐਂਬੂਲੈਂਸ ਪਲਟ ਗਈ ਤੇ ਬੁਰੀ ਤਰ੍ਹਾਂ ਨੁਕਸਾਨੀ ਗਈ। ਜਿਸ ਨੂੰ ਮੌਕੇ 'ਤੇ ਲੋਕਾਂ ਨੇ ਸਿੱਧਾ ਕੀਤਾ ਅਤੇ ਬੰਦਿਆਂ ਨੂੰ ਬਾਹਰ ਕੱਢਿਆ। ਇਸ ਦੌਰਾਨ ਐਂਬੂਲੈਂਸ ਦੇ ਮਰੀਜ਼ ਦੀ ਮੌਕੇ 'ਤੇ ਮੌਤ ਹੋ ਗਈ ਦੱਸੀ ਜਾ ਰਹੀ ਹੈ ਤੇ ਦੋਨੋਂ ਕਾਰ ਸਵਾਰ ਫੱਟੜ ਹੋ ਗਏ, ਜਿਨ੍ਹਾਂ ਨੂੰ ਇਲਾਜ ਲਈ ਹਸਪਤਾਲ ਵਿਖੇ ਭੇਜਿਆ ਗਿਆ। ਦੋਨਾਂ ਗੱਡੀਆ ਦਾ ਭਾਰੀ ਨੁਕਸਾਨ ਹੋਇਆ। ਹਾਦਸਾ ਇੰਨਾ ਜ਼ਬਰਦਸਤ ਸੀ ਕਿ ਜੇਕਰ ਸੜਕ 'ਤੇ ਆਵਾਜਾਈ ਹੁੰਦੀ ਤਾਂ ਵੱਡਾ ਹਾਦਸਾ ਵਾਪਰ ਸਕਦਾ ਸੀ। ਐਂਬੂਲੈਂਸ ਵੱਜਣ ਨਾਲ ਸਕੂਟਰ ਰਿਪੇਅਰ ਮਿਸਤਰੀ ਦੀ ਦੁਕਾਨ ਦੇ ਬਾਹਰ ਖੜੀ ਸਕੂਟਰੀ ਦਾ ਵੀ ਭਾਰੀ ਨੁਕਸਾਨ ਹੋਇਆ ਹੈ।

# ਨੇਪਾਲ 'ਚ ਵੱਡਾ ਸੜਕ ਹਾਦਸਾ !

# 40 ਭਾਰਤੀਆਂ ਨੂੰ ਲਜਾ ਰਹੀ ਬੱਸ ਨਦੀ 'ਚ ਡਿੱਗੀ, 14 ਦੀ ਮੌਤ

**ਕਾਠਮੰਡੂ, 23 ਅਗਸਤ (ਆਵਾਜ਼ਿ ਕੌਮ ਬਿਊਰੋ)**-ਨੇਪਾਲ ਵਿੱਚ ਇੱਕ ਵੱਡੇ ਹਾਦਸੇ ਦੀ ਖ਼ਬਰ ਸਾਹਮਣੇ ਆਈ ਹੈ। 40 ਤੋਂ ਵੱਧ ਭਾਰਤੀ ਲੋਕਾਂ ਨੂੰ ਲੈ ਕੇ ਜਾ ਰਹੀ ਇੱਕ ਬੱਸ ਨਦੀ ਵਿੱਚ ਡਿੱਗ ਗਈ। ਇਸ ਹਾਦਸੇ 'ਚ 14 ਲੋਕਾਂ ਦੀ ਮੌਤ ਹੋ ਗਈ। ਇਸ ਦੇ ਨਾਲ ਹੀ 29 ਲੋਕਾਂ ਨੂੰ ਬਚਾਇਆ ਗਿਆ ਹੈ। ਪੁਲਿਸ ਦਫ਼ਤਰ ਅਨੁਸਾਰ 15 ਵਿਅਕਤੀ ਬੋਲਣ ਦੇ ਸਮਰੱਥ ਹਨ। ਬਾਕੀ ਯਾਤਰੀਆਂ ਦਾ ਇਲਾਜ ਚੱਲ ਰਿਹਾ ਹੈ। ਪੁਲਿਸ ਨੇ ਸ਼ੁਰੂਆਤੀ ਤੌਰ 'ਤੇ ਅੰਦਾਜ਼ਾ ਲਗਾਇਆ ਸੀ ਕਿ ਬੱਸ 'ਚ ਸਿਰਫ 40 ਯਾਤਰੀ ਸਵਾਰ ਸਨ। ਸੀਨੀਅਰ ਪੁਲਿਸ ਕਪਤਾਨ ਰਵਿੰਦਰ ਨੇ ਦੱਸਿਆ ਕਿ ਬਾਕੀ ਯਾਤਰੀਆਂ ਦੀ ਭਾਲ ਲਈ ਤਲਾਸ਼ੀ ਮੁਹਿੰਮ ਜਾਰੀ ਹੈ। ਬਚਾਏ ਗਏ ਲੋਕਾਂ ਨੂੰ ਇਲਾਜ ਲਈ ਹਸਪਤਾਲ ਭੇਜਿਆ ਜਾ ਰਿਹਾ ਹੈ। ਨੇਪਾਲ ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਬੱਸ ਤਨਹੁਨ ਜ਼ਿਲ੍ਹੇ ਵਿੱਚ ਮਾਰਸਯਾਂਗਦੀ ਨਦੀ ਵਿੱਚ ਡਿੱਗ ਗਈ।



ਜ਼ਿਲ੍ਹਾ ਪੁਲਿਸ ਦਫ਼ਤਰ ਤਨਹੂਨ ਦੇ ਡੀਐਸਪੀ ਦੀਪਕੁਮਾਰ ਰਾਏ ਨੇ ਇਸ ਦੀ ਪੁਸ਼ਟੀ ਕੀਤੀ ਹੈ। ਉਨ੍ਹਾਂ ਦੱਸਿਆ ਕਿ ਨੰਬਰ ਪਲੇਟ ਵਾਲੀ ਬੱਸ ਯੂਪੀ FT 7623 ਦਰਿਆ ਵਿੱਚ ਡਿੱਗ ਗਈ। ਅਧਿਕਾਰੀ ਮੁਤਾਬਕ ਬੱਸ ਪੋਖਰਾ ਤੋਂ ਕਾਠਮੰਡੂ ਜਾ ਰਹੀ ਸੀ।

**ਹਾਦਸੇ ਤੋਂ ਬਾਅਦ ਕਈ ਲੋਕ ਲਾਪਤਾ :** ਅਧਿਕਾਰੀਆਂ ਨੇ ਦੱਸਿਆ ਕਿ ਭਾਰੀ ਮੀਂਹ ਕਾਰਨ ਨਦੀ ਵਿੱਚ ਵੀ ਉਛਾਲ ਹੈ। ਬੱਸ 'ਚ 40 ਲੋਕ ਸਵਾਰ ਸਨ, ਜਿਨ੍ਹਾਂ 'ਚੋਂ ਕੁਝ ਨੂੰ ਬਚਾ ਲਿਆ ਗਿਆ ਪਰ ਅਜੇ ਵੀ ਕਈ ਲੋਕ ਲਾਪਤਾ ਹਨ। ਨੇਪਾਲ ਪੁਲਿਸ ਨੇ ਕਿਹਾ ਹੈ ਕਿ ਇਹ ਹਾਦਸਾ ਤਨਹੁਨ ਜ਼ਿਲ੍ਹੇ ਵਿੱਚ ਵਾਪਰਿਆ ਹੈ। ਬੱਸ ਉੱਤਰ ਪ੍ਰਦੇਸ਼ ਦੀ ਹੈ ਪਰ ਅਜੇ ਤੱਕ ਇਹ ਜਾਣਕਾਰੀ ਨਹੀਂ ਮਿਲ ਸਕੀ ਹੈ ਕਿ ਬੱਸ 'ਚ ਸਵਾਰ ਲੋਕ ਉੱਤਰ ਪ੍ਰਦੇਸ਼ ਦੇ ਕਿਸ ਜ਼ਿਲ੍ਹੇ ਤੋਂ ਨੇਪਾਲ ਗਏ ਸਨ। ਇਸ ਦੇ ਨਾਲ ਹੀ ਉੱਤਰ ਪ੍ਰਦੇਸ਼ ਦੇ ਰਾਹਤ ਕਮਿਸ਼ਨਰ ਨੇ ਕਿਹਾ ਕਿ ਨੇਪਾਲ ਵਿੱਚ ਵਾਪਰੀ ਘਟਨਾ ਦੇ ਸਬੰਧ ਵਿੱਚ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਬੱਸ ਵਿੱਚ ਸਵਾਰ ਲੋਕ ਕਿੱਥੋਂ ਦੇ ਸਨ। ਇਸ ਲਈ ਸੰਪਰਕ ਕੀਤਾ ਜਾ ਰਿਹਾ ਹੈ

## ਸਾਬਕਾ ਮੰਤਰੀ ਆਸ਼ੂ ਦੀ ਨਿਆਂਇਕ ਹਿਰਾਸਤ 'ਚ 14 ਦਿਨਾਂ ਦਾ ਵਾਧਾ, 5 ਸਤੰਬਰ ਨੂੰ ਮੁੜ ਹੋਵੇਗੀ ਪੇਸ਼ੀ

**ਚੰਡੀਗੜ੍ਹ, 23 ਅਗਸਤ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਤੋਂ ਸੀਨੀਅਰ ਕਾਂਗਰਸੀ ਆਗੂ ਤੇ ਸਾਬਕਾ ਮੰਤਰੀ ਭਾਰਤ ਭੂਸ਼ਣ ਆਸ਼ੂ ਦੀ ਨਿਆਂਇਕ ਹਿਰਾਸਤ 14 ਦਿਨਾਂ ਲਈ ਵਧਾ ਦਿੱਤੀ ਗਈ ਹੈ। ਹੁਣ ਉਸ ਮਾਮਲੇ ਦੀ ਅਗਲੀ ਸੁਣਵਾਈ 5 ਸਤੰਬਰ ਨੂੰ ਹੋਵੇਗੀ। ਦੱਸ ਦਈਏ ਕਿ ਈਡੀ ਦੀ ਟੀਮ ਨੇ ਆਸ਼ੂ ਨੂੰ 1 ਅਗਸਤ ਨੂੰ ਗ੍ਰਿਫ਼ਤਾਰ ਕੀਤਾ ਸੀ। 10 ਦਿਨ ਦਾ ਰਿਮਾਂਡ ਖਤਮ ਹੋਣ ਤੋਂ ਬਾਅਦ ਉਹ 14 ਦਿਨਾਂ ਲਈ ਨਿਆਂਇਕ ਹਿਰਾਸਤ ਵਿੱਚ ਸੀ। ਅੱਜ ਉਸ ਨੂੰ ਮੁੜ ਅਦਾਲਤ ਵਿੱਚ ਪੇਸ਼ ਕੀਤਾ ਗਿਆ ਦੱਸ ਦੇਈਏ ਕਿ ਭਾਰਤ ਭੂਸ਼ਣ ਆਸ਼ੂ 1 ਅਗਸਤ ਨੂੰ ਸਵੇਰੇ ਈਡੀ ਦਫਤਰ ਪਹੁੰਚੇ ਸਨ। ਉਸ ਤੋਂ ਬਾਅਦ ਸ਼ਾਮ ਤੱਕ ਲਗਾਤਾਰ ਜਲੰਧਰ ਈਡੀ ਦਫ਼ਤਰ ਵਿੱਚ ਪੁੱਛਗਿੱਛ ਕੀਤੀ ਗਈ ਜਿਸ ਤੋਂ ਬਾਅਦ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਆਸ਼ੂ ਖ਼ਿਲਾਫ਼ ਮਨੀ ਲਾਂਡਰਿੰਗ ਐਕਟ ਤਹਿਤ ਕਾਰਵਾਈ ਕਰਦੇ ਹੋਏ ਗ੍ਰਿਫਤਾਰ ਕੀਤਾ ਗਿਆ। ਦੱਸ ਦਈਏ ਕਿ ਸਾਬਕਾ ਮੰਤਰੀ ਭਾਰਤ ਭੂਸ਼ਣ ਆਸ਼ੂ ਜਦੋਂ ਖੁਰਾਕ ਤੇ ਸਿਵਲ ਸਪਲਾਈ ਮੰਤਰਾਲੇ ਦੇ ਇੰਚਾਰਜ ਸਨ ਤਾਂ ਉਨ੍ਹਾਂ 'ਤੇ ਕਰੀਬ 2 ਹਜ਼ਾਰ ਕਰੋੜ ਰੁਪਏ ਦੇ ਟੈਂਡਰਾਂ 'ਚ ਘਪਲੇ ਦੇ ਦੋਸ਼ ਲੱਗੇ ਸਨ। ਪੰਜਾਬ ਦੀਆਂ ਮੰਡੀਆਂ 'ਚ ਲੇਬਰ ਅਤੇ ਟਰਾਂਸਪੋਰਟੇਸ਼ਨ ਦੇ ਟੈਂਡਰਾਂ ਵਿੱਚ ਵੱਡੇ ਪੱਧਰ 'ਤੇ ਬੇਨਿਯਮੀਆਂ ਸਾਹਮਣੇ ਆਈਆਂ ਹਨ। ਇਸ ਤੋਂ ਬਾਅਦ ਤਲਾਸ਼ੀ ਦੌਰਾਨ ਈਡੀ ਨੂੰ ਕਰੀਬ ਡੇਢ ਕਰੋੜ ਰੁਪਏ ਦੀ ਜਾਇਦਾਦ ਦੇ ਦਸਤਾਵੇਜ਼ ਮਿਲੇ ਹਨ। ਇਸ ਦੌਰਾਨ ਕਰੀਬ 30 ਲੱਖ ਰੁਪਏ ਵੀ ਜ਼ਬਤ ਕੀਤੇ ਗਏ। ਇਹ ਮਾਮਲਾ ਸਭ ਤੋਂ ਪਹਿਲਾਂ ਪੰਜਾਬ ਵਿਜੀਲੈਂਸ ਬਿਊਰੋ ਨੇ ਚੁੱਕਿਆ ਸੀ। ਵਿਜੀਲੈਂਸ ਨੇ ਇਸ ਮਾਮਲੇ ਵਿੱਚ ਅਦਾਲਤ ਵਿੱਚ ਚਲਾਨ ਵੀ ਪੇਸ਼ ਕੀਤਾ ਹੈ। ਇਸ ਤੋਂ ਬਾਅਦ ਈਡੀ ਨੇ ਇਸ ਮਾਮਲੇ ਨਾਲ ਸਬੰਧਤ ਦਸਤਾਵੇਜ਼ ਮੰਗੇ ਸਨ ਤੇ ਆਪਣੇ ਪੱਧਰ 'ਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਸੀ। ਜਾਣਕਾਰੀ ਮੁਤਾਬਕ ਈਡੀ ਨੇ ਭਾਰਤ ਭੂਸ਼ਣ ਆਸ਼ੂ ਨੂੰ ਅੱਜ ਪੇਸ਼ ਹੋਣ ਲਈ ਕਿਹਾ ਸੀ।



## ਘਰ ਖੜ੍ਹੀਆਂ ਗੱਡੀਆਂ 'ਤੇ ਵੀ ਮਾਨ ਸਰਕਾਰ ਨੇ ਲਗਾਇਆ ਟੈਕਸ, ਹੁਣ ਸਿੱਧਾ ਆਮ ਆਦਮੀ ਦੀ ਜੇਬ 'ਤੇ ਪਵੇਗਾ ਅਸਰ






**ਚੰਡੀਗੜ੍ਹ, 23 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਨੇ ਵਾਹਨਾਂ 'ਤੇ ਗ੍ਰੀਨ ਟੈਕਸ ਲਗਾਇਆ ਹੈ। ਲੋਕਾਂ ਨੂੰ ਇਹ ਟੈਕਸ ਵਾਹਨ ਰਜਿਸਟ੍ਰੇਸ਼ਨ ਦੇ ਨਵੀਨੀਕਰਨ ਸਮੇਂ ਅਦਾ ਕਰਨਾ ਹੋਵੇਗਾ। ਇਸ ਕਾਰਨ ਵਾਹਨਾਂ ਦਾ ਨਵੀਨੀਕਰਨ ਵੀ ਮਹਿੰਗਾ ਹੋ ਜਾਵੇਗਾ। ਸਰਕਾਰ ਨੇ ਨਿੱਜੀ ਵਾਹਨਾਂ 'ਤੇ ਮੋਟਰ ਵਹੀਕਲ ਟੈਕਸ 'ਚ 0.5 ਫ਼ੀਸਦੀ ਤੋਂ 2 ਫ਼ੀਸਦੀ ਤੱਕ ਦਾ ਵਾਧਾ ਕੀਤਾ ਹੈ। ਪਤਾ ਲੱਗਾ ਹੈ ਕਿ ਕੇਂਦਰੀ ਹਦਾਇਤਾਂ 'ਤੇ ਲਾਇਆ ਗਿਆ ਹੈ। ਟਰਾਂਸਪੋਰਟ ਵਿਭਾਗ ਨੇ ਇਸ ਬਾਰੇ ਨੋਟੀਫ਼ਿਕੇਸ਼ਨ ਜਾਰੀ ਕਰ ਦਿੱਤਾ ਹੈ ਅਤੇ 'ਗਰੀਨ ਟੈਕਸ' ਪਹਿਲੀ ਸਤੰਬਰ ਤੋਂ ਲਾਗੂ ਹੋਵੇਗਾ। ਪੰਜਾਬ ਕੈਬਨਿਟ ਦੀ 14 ਅਗਸਤ ਦੀ ਬੈਠਕ ਵਿਚ 'ਗਰੀਨ ਟੈਕਸ' ਅਤੇ ਮੋਟਰ ਵਹੀਕਲ ਟੈਕਸ ਵਿਚ ਵਾਧੇ ਨੂੰ ਹਰੀ ਝੰਡੀ ਦਿੱਤੀ ਗਈ ਸੀ। ਸੂਬਾ ਸਰਕਾਰ ਨੂੰ 'ਗਰੀਨ ਟੈਕਸ' ਤੋਂ ਸਾਲਾਨਾ ਕਰੀਬ 35 ਕਰੋੜ ਦੀ ਆਮਦਨ ਹੋਣ ਦਾ ਅਨੁਮਾਨ ਹੈ। ਟਰਾਂਸਪੋਰਟ ਵਿਭਾਗ ਵੱਲੋਂ 15 ਸਾਲ ਤੋਂ ਪੁਰਾਣੇ ਨਿੱਜੀ ਵਾਹਨਾਂ ਅਤੇ ਅੱਠ ਸਾਲ ਤੋਂ ਪੁਰਾਣੇ ਵਪਾਰਕ ਵਾਹਨਾਂ ਦੀ ਰਜਿਸਟ੍ਰੇਸ਼ਨ ਰੀਨਿਊ ਕਰਨ ਸਮੇਂ ਗਰੀਨ ਟੈਕਸ' ਵਸੂਲਿਆ ਜਾਵੇਗਾ। ਇਸ ਵੇਲੇ ਸੂਬੇ ਵਿੱਚ 15 ਸਾਲ ਪੁਰਾਣੇ ਕਰੀਬ 73 ਹਜ਼ਾਰ ਨਿੱਜੀ ਚਾਰ ਪਹੀਆ ਵਾਹਨ ਹਨ ਜਿਨ੍ਹਾਂ ਦੀ ਰਜਿਸਟ੍ਰੇਸ਼ਨ ਰੀਨਿਊ ਹੋਣ ਵਾਲੀ ਹੈ। ਇਸ ਤੋਂ ਇਲਾਵਾ ਕਮਰਸ਼ੀਅਲ ਵਾਹਨਾਂ ਨੂੰ 8 ਸਾਲ ਤੱਕ ਗ੍ਰੀਨ ਟੈਕਸ ਨਹੀਂ ਦੇਣਾ ਪਵੇਗਾ। ਇਸ ਤੋਂ ਬਾਅਦ ਹਰ ਸਾਲ 250 ਤੋਂ 2500 ਰੁਪਏ ਦਾ ਗ੍ਰੀਨ ਟੈਕਸ ਦੇਣਾ ਹੋਵੇਗਾ। ਪੰਜਾਬ ਟਰਾਂਸਪੋਰਟ ਵਿਭਾਗ ਨੇ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਹੈ। ਐਲਪੀਜੀ, ਸੀਐਨਜੀ, ਬੈਟਰੀ ਜਾਂ ਸੂਰਜੀ ਊਰਜਾ ਨਾਲ ਚੱਲਣ ਵਾਲੇ ਵਾਹਨਾਂ ਨੂੰ ਸਰਕਾਰ ਨੇ ਇਸ ਸ਼੍ਰੇਣੀ ਤੋਂ ਬਾਹਰ ਰੱਖਿਆ ਹੈ। ਪ੍ਰਾਈਵੇਟ ਵਾਹਨਾਂ ਦੇ ਮਾਮਲੇ 'ਚ ਡੀਜ਼ਲ ਵਾਹਨਾਂ 'ਤੇ ਜ਼ਿਆਦਾ ਟੈਕਸ ਦੇਣਾ ਪਵੇਗਾ। ਪੰਜਾਬ ਸਰਕਾਰ ਦੇ ਨੋਟੀਫਿਕੇਸ਼ਨ ਅਨੁਸਾਰ ਡੀਜ਼ਲ ਵਾਹਨਾਂ 'ਤੇ ਹਰੇ ਟੈਕਸ ਨੂੰ ਪੈਟਰੋਲ ਦੋਪਹੀਆ ਵਾਹਨਾਂ ਅਤੇ ਕਾਰਾਂ ਨਾਲੋਂ ਵੱਧ ਰੱਖਿਆ ਗਿਆ ਹੈ।

## ਭਾਈ ਅੰਮ੍ਰਿਤਪਾਲ ਸਿੰਘ ਦਾ ਸਾਥੀ ਦਲਜੀਤ ਕਲਸੀ ਪਹੁੰਚਿਆ ਹਾਈਕੋਰਟ, ਕਿਹਾ-ਮੇਰਾ ਅਜਨਾਲਾ ਕੇਸ ਨਾਲ ਕੋਈ ਸਬੰਧ ਨਹੀਂ, ਗਲਤ ਲਾਇਆ ਐਨ. ਐਸ. ਏ.

### ਪੰਜਾਬ ਸਰਕਾਰ ਨੂੰ ਨੋਟਿਸ ਜਾਰੀ

**ਚੰਡੀਗੜ੍ਹ, 23 ਅਗਸਤ (ਆਵਾਜ਼ਿ ਕੌਮ ਬਿਊਰੋ)**-ਖਾਲਿਸਤਾਨ ਸਮਰਥਕ ਤੇ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੇ ਸਾਥੀ ਦਲਜੀਤ ਕਲਸੀ ਨੇ ਆਪਣੇ 'ਤੇ ਲਗਾਏ ਗਏ NSA ਨੂੰ ਹਾਈਕੋਰਟ 'ਚ ਫਿਰ ਤੋਂ ਚੁਣੌਤੀ ਦਿੱਤੀ ਹੈ। ਉਸ ਨੇ ਅਦਾਲਤ 'ਚ ਕਿਹਾ ਹੈ ਕਿ ਉਸ ਦਾ ਅਜਨਾਲਾ ਕੇਸ ਨਾਲ ਕੋਈ ਲੈਣਾ-ਦੇਣਾ ਨਹੀਂ ਹੈ। ਅਦਾਲਤ ਨੇ ਇਸ ਮਾਮਲੇ ਵਿੱਚ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ ਕੀਤਾ ਹੈ। ਮਾਮਲੇ ਦੀ ਅਗਲੀ ਸੁਣਵਾਈ 18 ਸਤੰਬਰ ਲਈ ਤੈਅ ਕੀਤੀ ਗਈ ਹੈ। ਦਲਜੀਤ ਸਿੰਘ ਕਲਸੀ ਇਸ ਸਮੇਂ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਹੈ। ਉਸ ਵੱਲੋਂ ਦਾਇਰ ਪਟੀਸ਼ਨ ਵਿੱਚ ਕਿਹਾ ਗਿਆ ਹੈ ਕਿ 23 ਫਰਵਰੀ ਨੂੰ ਅਜਨਾਲਾ ਥਾਣੇ 'ਤੇ ਹੋਏ ਹਮਲੇ ਦੀ FIR ਵਿੱਚ ਵੀ ਉਸ ਦਾ ਨਾਂਅ ਸੀ। ਭਾਵੇਂ ਉਹ ਇਸ ਵਿੱਚ ਸ਼ਾਮਲ ਨਹੀਂ ਸੀ। ਤੇ ਨਾ ਹੀ ਉਸ ਵਿਰੁੱਧ ਕੋਈ ਠੋਸ ਸਬੂਤ ਹੈ। ਉਸ 'ਤੇ ਪਹਿਲਾਂ NSA ਲਗਾਇਆ ਗਿਆ ਸੀ। ਜੋ ਕਿ ਬਿਲਕੁਲ ਗਲਤ ਹੈ। ਅਜਿਹੇ 'ਚ ਉਨ੍ਹਾਂ ਨੂੰ ਇਸ ਮਾਮਲੇ 'ਚ ਰਾਹਤ ਦਿੱਤੀ ਜਾਣੀ ਚਾਹੀਦੀ ਹੈ। ਵਕੀਲਾਂ ਨੇ ਕਿਹਾ ਕਿ ਦਲਜੀਤ ਸਿੰਘ ਕਲਸੀ 'ਤੇ NSA ਲਗਾ ਕੇ ਸਰਕਾਰ ਨੇ ਦਲੀਲ ਦਿੱਤੀ ਹੈ ਕਿ ਇਹ ਪੰਜਾਬ ਦੀ ਸ਼ਾਂਤੀ ਅਤੇ ਸਦਭਾਵਨਾ ਲਈ ਖਤਰਾ ਹੈ। ਜਦਕਿ ਅਜਿਹਾ ਕੁਝ ਵੀ ਨਹੀਂ ਹੈ। ਵਕੀਲਾਂ ਨੇ ਕਿਹਾ ਕਿ ਐਨਐਸਏ ਦੀ ਮਿਆਦ ਤਿੰਨ ਮਹੀਨੇ ਵਧਾਈ ਜਾਵੇ। ਜਦੋਂ ਕਿ ਸਰਕਾਰ ਨੇ ਇਸ ਨੂੰ ਸਿੱਧੇ ਤੌਰ 'ਤੇ ਇੱਕ ਸਾਲ ਲਈ ਵਧਾ ਦਿੱਤਾ ਹੈ। ਇਹ ਬਿਲਕੁਲ ਗਲਤ ਹੈ। ਖਾਲਿਸਤਾਨ ਸਮਰਥਕ ਅੰਮ੍ਰਿਤਪਾਲ ਸਿੰਘ ਤੋਂ ਬਾਅਦ ਹੁਣ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਦਲਜੀਤ ਸਿੰਘ ਕਲਸੀ ਵੀ ਚੋਣ ਲੜਨ ਦੇ ਇੱਛੁਕ ਹਨ। ਇਸ ਬਾਰੇ ਕੁਝ ਸਮਾਂ ਪਹਿਲਾਂ ਚਰਚਾ ਵੀ ਹੋਈ ਸੀ। ਕਲਸੀ ਨੇ ਡੇਰਾ ਬਾਬਾ ਨਾਨਕ ਸੀਟ ਤੋਂ ਚੋਣ ਲੜਨ ਦਾ ਐਲਾਨ ਕੀਤਾ ਸੀ, ਜੋ ਸੁਖਜਿੰਦਰ ਸਿੰਘ ਰੰਧਾਵਾ ਦੇ ਸੰਸਦ ਮੈਂਬਰ ਬਣਨ ਤੋਂ ਬਾਅਦ ਖਾਲੀ ਹੋ ਗਈ ਸੀ। ਸਾਬਕਾ ਕੈਬਨਿਟ ਮੰਤਰੀ ਕੁਲਵੰਤ ਸਿੰਘ ਰਾਊਕੇ ਜਦਕਿ ਗੁਰਮੀਤ ਸਿੰਘ ਮੀਤ ਹੇਅਰ ਦੇ ਸੰਸਦ ਮੈਂਬਰ ਬਣਨ ਤੋਂ ਬਾਅਦ ਖਾਲੀ ਹੋਈ ਬਰਨਾਲਾ ਸੀਟ ਤੋਂ ਚੋਣ ਲੜਨਾ ਚਾਹੁੰਦੇ ਹਨ। ਇਨ੍ਹਾਂ ਸੀਟਾਂ ਲਈ ਜਲਦੀ ਹੀ ਵਿਧਾਨ ਸਭਾ ਉਪ ਚੋਣਾਂ ਹੋਣੀਆਂ ਹਨ। ਕਲਸੀ ਪੰਜਾਬੀ ਫਿਲਮ ਇੰਡਸਟਰੀ ਨਾਲ ਜੁੜੇ ਹੋਏ ਹਨ।



## ਆਪ ਵਿਧਾਇਕ ਨੇ ਤੋੜਿਆ ਆਪਣਾ ਹੀ ਨੀਂਹ ਪੱਥਰ, ਕਿਹਾ- ਨਹੀਂ ਸੁਣ ਰਹੇ ਅਫ਼ਸਰ, ਮਜੀਠੀਆ ਦੀ ਵਿਧਾਇਕ ਤੋਂ ਮੰਗ, ਢਾਹ ਦਿਓ ਪੰਜਾਬ 'ਚ ਲੱਗੇ ਝੂਠ ਦੇ ਨੀਂਹ ਪੱਥਰ



**ਲੁਧਿਆਣਾ, 23 ਅਗਸਤ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ 'ਚ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਪ੍ਰੀਤ ਗੋਗੀ ਨੇ ਆਪਣੇ ਨਾਂਅ ਦਾ ਲੱਗਿਆ ਹੋਇਆ ਨੀਂਹ ਪੱਥਰ ਬੁੱਢਾ ਦਰਿਆ ਤੋਂ ਤੋੜ ਦਿੱਤਾ ਹੈ। ਗੋਗੀ ਨੇ ਕਿਹਾ ਕਿ ਨਗਰ ਨਿਗਮ ਦੇ ਅਧਿਕਾਰੀ ਜ਼ਮੀਨੀ ਪੱਧਰ 'ਤੇ ਬਿਲਕੁਲ ਵੀ ਕੰਮ ਨਹੀਂ ਕਰ ਰਹੇ। ਅਧਿਕਾਰੀ ਵਿਧਾਇਕਾਂ ਦੀ ਗੱਲ ਨਹੀਂ ਸੁਣਦੇ ਜਿਸ ਕਾਰਨ ਬੁੱਢਾ ਦਰਿਆ ਦਾ ਕੰਮ ਨਹੀਂ ਹੋ ਰਿਹਾ। ਅੱਜ ਹਾਲਾਤ ਇਹ ਹਨ ਕਿ ਲੋਕ ਗੰਦਾ ਪਾਣੀ ਪੀਣ ਲਈ ਮਜਬੂਰ ਹਨ। ਲੋਕ ਕੈਂਸਰ ਦੀ ਬਿਮਾਰੀ ਤੋਂ ਪੀੜਤ ਹਨ। ਗੋਗੀ ਨੇ ਕਿਹਾ ਕਿ ਜੇ ਆਉਣ ਵਾਲੇ ਦਿਨਾਂ 'ਚ ਉਨ੍ਹਾਂ ਨੂੰ ਧਰਨਾ ਦੇਣਾ ਪਿਆ ਤਾਂ ਉਹ ਜ਼ਰੂਰ ਦੇਣਗੇ। ਇਸ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਦੇ ਲੀਡਰ ਬਿਕਰਮ ਸਿੰਘ ਮਜੀਠੀਆ ਨੇ ਕਿਹਾ ਕਿ, ਸੱਤਾ 'ਚ ਆਉਣ ਤੋਂ ਪਹਿਲਾਂ ਆਮ ਆਦਮੀ ਪਾਰਟੀ VIP CULTURE ਦੇ ਸਖ਼ਤ ਖਿਲਾਫ਼ ਸੀ। ਆਪ ਵਾਲੇ ਖ਼ੁਦ ਕਹਿੰਦੇ ਸੀ ਕਿ ਅਸੀਂ ਕੋਈ ਵੀ ਨੀਂਹ ਪੱਥਰ ਨਹੀਂ ਰੱਖਾਂਗੇ ਸਗੋਂ ਕੰਮ ਕਰਕੇ ਦਿਖਾਵਾਂਗੇ। ਲੁਧਿਆਣਾ ਤੋਂ MLA ਗੁਰਪ੍ਰੀਤ ਗੋਗੀ ਵੱਲੋਂ ਝੂਠ ਦਾ ਨੀਂਹ ਪੱਥਰ ਹਟਾਇਆ ਗਿਆ ਕਿਉਂਕਿ ਉਹ ਕੰਮ ਨਹੀਂ ਕਰ ਪਾਏ। ਮਜੀਠੀਆ ਨੇ ਕਿਹਾ ਕਿ ਗੋਗੀ ਜੀ ਮੈਂ ਆਸ ਕਰਦਾ ਹਾਂ ਕਿ ਜਿੱਥੇ ਜਿੱਥੇ ਵੀ ਪੰਜਾਬ ਵਿੱਚ ਝੂਠ ਦੇ ਨੀਂਹ ਪੱਥਰ ਰੱਖੇ ਗਏ ਹਨ ਤੁਸੀਂ ਖ਼ੁਦ ਕਹੀ ਲੈ ਕੇ ਢਾਓਗੇ। ਮੇਰੇ ਮਨ 'ਚ ਤੁਹਾਡੇ ਲਈ ਪਹਿਲਾਂ ਵੀ ਕਦਰ ਹੈ ਇਸ ਨਾਲ ਹੋਰ ਵਧੇਗੀ। ਗੋਗੀ ਜੀ ਨੀਂਹ ਪੱਥਰ ਵੀ ਢਾਹੋ ਤੇ ਮੁੱਖ ਮੰਤਰੀ ਦੇ ਝੂਠੇ ਪ੍ਰਚਾਰ ਦੇ ਨੀਂਹ ਪੱਥਰ ਵੀ ਢਾਹੋ। ਜ਼ਿਕਰ ਕਰ ਦਈਏ ਕਿ ਗੋਗੀ ਨੇ ਕਿਹਾ, ਪ੍ਰਦੂਸ਼ਣ ਬੋਰਡ ਅਤੇ ਸੀਵਰੇਜ ਬੋਰਡ ਦੇ ਅਧਿਕਾਰੀ ਬੁੱਢਾ ਦਰਿਆ ਦੀ ਸਫ਼ਾਈ ਕਰਨ ਵਿੱਚ ਬੁਰੀ ਤਰ੍ਹਾਂ ਫੇਲ੍ਹ ਹੋਏ ਹਨ। ਗੋਗੀ ਨੇ ਕਿਹਾ ਕਿ ਅੱਜ ਇਹ ਨੀਂਹ ਪੱਥਰ ਇਸ ਲਈ ਤੋੜਿਆ ਜਾ ਰਿਹਾ ਹੈ ਕਿਉਂਕਿ ਬੁੱਢਾ ਦਰਿਆ ਦੀ ਸਫ਼ਾਈ ਨਾ ਹੋਣ ਕਾਰਨ ਇਹ ਪੱਥਰ ਉਨ੍ਹਾਂ ਦੇ ਨਾਂਅ ਨੂੰ ਬਦਨਾਮ ਕਰ ਰਿਹਾ ਹੈ।

# Nankana Sahib Yatra Committe Uk



# pakistan gurdwara yatra

**6th november to 16th november 2024 yatra includes 25+ gurudwara sahib darshan .Accommodation in hotels and travel within pakistan and yatra start to finish point in AC coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

*-- ਗੁਰੂ ਪੰਥ ਦੇ ਸੇਵਾਦਾਰ --*


ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke
Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and
Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757





We Accept Online & Card Payment



ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

ਮੁਕਤਾ, ਕੰਨਾ, ਸਿਹਾਰੀ, ਬਿਹਾਰੀ
ਔਂਕੜ, ਦੁਲੈਂਕੜ, ਲਾਂ, ਦੁਲਾਵਾਂ
ਹੋੜਾ, ਕਨੌੜਾ, ਟਿੱਪੀ, ਕੰਨਾ-ਬਿੰਦੀ
www.damdamitaksal.net

੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write
PUNJABI



ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470




ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446




ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਏ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



**ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ**

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ। ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161

• ਭਾਈ ਬਲਜੀਤ ਸਿੰਘ ਕੰਗ/Bhai Baljit Singh Kang
+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

Website : www.nsycuk.com
E-mail : gnstuk@hotmail.com

# HAYES PLANT HIRE

WE TRAIN YOU GAIN

NPORS ACCREDITED


Telescopic Handler


Excavator 360


Road Roller


Forward Tipping Dumper


Tractor


Dozer

Plant Training and Testing on All CATEGORIES OF **MACHINERY.**


Dump Truck

# HAYES PLANT HIRE

ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ

NROPS Accredited

## ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।

## CONTACT- 07831543004

Hollis Farm, Clay Cross Chesterfield. S45 9BA

01246864370

ਆਵਾਜ਼ਿ ਕੌਮ AWAZE QAUM International Newspaper & WEB TV

CALL US TO BOOK YOUR CSCS LEVEL ONE COURSE.

## 07715128621







KHALSA FORGE


Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









**www.khalsaforge.com**

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਮਹਾਨ ਗੁਰਮਤਿ ਸਮਾਗਮ

☛ ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲੱਗ ਕੇ ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਨਿਭਾਈ ਜਾਵੇਗੀ। ☛ ਸਮੂਹ ਸ਼ਹੀਦਾਂ ਦੀ ਯਾਦ ਅਤੇ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ਼੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਭਿੰਡਰਾਂਵਾਲਿਆਂ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ।



ਸ਼ੁੱਕਰਵਾਰ 23 ਅਗਸਤ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭ ਹੋਵੇਗੀ ਅਤੇ 25 ਅਗਸਤ ਐਤਵਾਰ ਨੂੰ ਸੰਪੂਰਨ ਭੋਗ ਪੈਣਗੇ।

• ਸ਼ਨਿੱਚਰਵਾਰ 24 ਅਗਸਤ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸਜਣਗੇ • ਐਤਵਾਰ 25 ਅਗਸਤ 2024 ਨੂੰ 6:30 ਵਜੇ ਸਵੇਰੇ ਚੁਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਵੀਸ਼ਰੀ ਜਥਾ ਭਾਈ ਅਵਤਾਰ ਸਿੰਘ ਮਝੈਲ ਜਰਮਨੀ ਅਤੇ ਕਥਾਵਾਚਕ ਸਿੰਘ ਅਤੇ ਰਾਗੀ ਸਿੰਘ ਗੁਰਬਾਣੀ ਕੀਰਤਨ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਵੱਖ ਵੱਖ ਤਰ੍ਹਾਂ ਦੇ ਸਟਾਲ ਅਤੇ ਛਬੀਲ ਵੀ ਲੱਗੇਗੀ ☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ, ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਪਾਰ ਕਿਰਪਾ ਸਦਕਾ
ਮਹਾਨ ਬਰਸੀ ਸਮਾਗਮ
ਅਤੇ ਜੂਨ 1984 ਦੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ
ਸ੍ਰੀ ਹਜ਼ੂਰ ਸੰਤ ਬਾਬਾ ਈਸ਼ਰ ਸਿੰਘ ਜੀ ਮਹਾਰਾਜ
ਸ੍ਰੀ ਮਾਨ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ
ਸ੍ਰੀ ਮਾਨ ਸੰਤ ਬਾਬਾ ਭਗਵਾਨ ਸਿੰਘ ਜੀ ਮਹਾਰਾਜ (ਰਾੜਾ ਸਾਹਿਬ ਬੇਗੋਵਾਲ) ਵਾਲਿਆਂ ਦੀ ਰਹਿਨੁਮਾਈ ਹੇਠ
4 ਰੋਜ਼ਾ
ਮਹਾਨ ਗੁਰਮਤਿ ਸਮਾਗਮ
ਬੈਂਕ ਹੋਲੀਡੇਅ ਵੀਕਐਂਡ
23 ਤੋਂ 26 ਅਗਸਤ 2024
ਸ੍ਰੀ ਮਾਨ ਸੰਤ ਬਾਬਾ ਭਗਵਾਨ ਸਿੰਘ ਜੀ ਮਹਾਰਾਜ (ਰਾੜਾ ਸਾਹਿਬ ਬੇਗੋਵਾਲ)
ਸ੍ਰੀ ਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ (ਮੌਜੂਦਾ ਮੁਖੀ ਦਮਦਮੀ ਟਕਸਾਲ)
ਸ਼ਨੀਵਾਰ 24 ਅਗਸਤ 2024
ਰੈਣਸਬਾਈ ਕੀਰਤਨ ਦਰਬਾਰ
ਐਤਵਾਰ 25 ਅਗਸਤ 2024
ਸ੍ਰੀ ਦਸਮ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਭੋਗ
ਸੋਮਵਾਰ 26 ਅਗਸਤ 2024
ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਭੋਗ
ਅੰਮ੍ਰਿਤ ਸੰਚਾਰ - ਐਤਵਾਰ 25 ਅਗਸਤ 2024 - ਦੁਪਹਿਰੇ 12 ਵਜੇ (ਹਾਲ 2)
ਜੋਰਜ ਸਟ੍ਰੀਟ, ਵੈਸਟ ਬਰੌਮਵਿਚ, ਬਰਮਿੰਘਮ, B70 6NH
(ਗੁਰੂ ਹਰਿ ਰਾਇ ਸਾਹਿਬ ਗੁਰਦੁਆਰਾ ਦੇ ਪਾਸ)
ਆਵਾਜ਼ਿ ਕੌਮ AWAZE QAUM
International Newspaper & WEB TV
ਵਧੇਰੇ ਜਾਣਕਾਰੀ, ਸੇਵਾ ਜਾਂ ਸਟਾਲ ਬੁਕਿੰਗ ਲਈ ਹੇਠ ਦਿੱਤੇ ਨੰਬਰਾਂ ਤੇ ਸੰਪਰਕ ਕਰੋ
07977 001313 | 07913 951860 | 07956 007161 | 07590 626176 | 07985 246484


With the blessings of Dhan Dhan Satguru Sahib Sri Guru Granth Sahib Ji
Mahaan Barsi Smagam
&
REMEMBERING THE SHAHEEDS OF 1984
SRI HAZOOR SANT BABA ISHER SINGH JI MAHARAJ
Rara Sahib
SRI MAAN SANT GIANI KARTAR SINGH JI KHALSA
Bhindranwale
Under the Guidance of: Sri Maan Sant Baba Bhagwan Singh Ji Maharaj (Rara Sahib Begowal)
4 DAY MAHAAN OPEN AIR
GURMAT SMAGAM
BANK HOLIDAY WEEKEND
23RD - 26TH AUGUST 2024
Sri Maan Sant Baba Bhagwan Singh Ji Maharaj (Rara Sahib Begowal)
Sri Maan Sant Giani Jarnail Singh Ji Khalsa Bhindranwale (Maujuda Mukhi Damdami Taksal)
SAT 24TH AUG 2024
REHNSBHAI KIRTAN DARBAR
SUN 25TH AUG 2024
SRI DASAM GRANTH SEHAJ PAATH BHOG
MON 26TH AUG 2024
SRI GURU GRANTH SAHIB JI SEHAJ PAATH BHOG
AMRIT SANCHAAR - SUNDAY 25TH AUGUST 2024 - 12PM (HALL 2)
GEORGE ST, WEST BROMWICH, BIRMINGHAM, B70 6NH
(NEXT TO GURU HAR RAI SAHIB GURDWARA)
FOR FURTHER INFORMATION, SEVA AND STALL BOOKINGS PLEASE CONTACT
07977 001313 | 07913 951860 | 07956 007161 | 07590 626176 | 07985 246484
ਆਵਾਜ਼ਿ ਕੌਮ
AWAZE QAUM
International Newspaper & WEB TV




## ਸੈਂਟ ਸੋਲਜਰ ਇਲੀਟ ਸਕੂਲ ਵਿਖੇ ਮਨਾਏ ਗਏ ਜਨਮ ਅਸ਼ਟਮੀ ਤਿਉਹਾਰ ਮੌਕੇ ਬੱਚਿਆਂ ਨੇ ਸੁਰੀਲੇ ਭਜਨਾ ਅਤੇ ਨਾਚਾ ਨਾਲ ਮਾਹੌਲ ਨੂੰ ਪ੍ਰਭੂ ਭਗਤੀ ਦੇ ਰੰਗ ਵਿੱਚ ਰੰਗ ਦਿੱਤਾ

# ਬੱਚਿਆਂ ਦਾ ਪ੍ਰਮਾਤਮਾ ਪ੍ਰਤੀ ਪਿਆਰ ਤੇ ਪੇਸ ਕੀਤੀਆਂ ਪੇਸ਼ਕਾਰੀਆਂ ਸਲਾਹਣਯੋਗ ਡਾ: ਮੰਗਲ ਸਿੰਘ ਕਿਸ਼ਨਪੁਰੀ



**ਜੰਡਿਆਲਾ ਗੁਰੂ, 23 ਅਗਸਤ ( ਕੁਲਵੰਤ ਸਿੰਘ ਵਿਰਦੀ)**-ਜਨਮ ਅਸ਼ਟਮੀ ਉਹ ਸਮਾਂ ਹੈ ਜਦੋਂ ਹਨੇਰਾ ਖਤਮ ਹੁੰਦਾ ਹੈ ਅਤੇ ਸਾਰੀਆਂ ਬੁਰਾਈਆਂ ਨੂੰ ਦੂਰ ਕਰਦਾ ਹੈ ਇਸੇ ਭਾਵਨਾ ਤਹਿਤ ਸੈਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਦੇ ਕਿੰਡਰ ਗਾਰਟਨ ਸੈਕਸ਼ਨ ਦੇ ਬੱਚਿਆਂ ਨੇ ਭਗਵਾਨ ਸ੍ਰੀ ਕ੍ਰਿਸ਼ਨ ਜੀ ਦਾ ਜਨਮ ਦਿਵਸ ਸ਼ਰਧਾ ਭਾਵਨਾ ਨਾਲ ਮਨਾਇਆ। ਇਸ ਮੌਕੇ ਬੱਚਿਆਂ ਨੇ ਸ਼੍ਰੀ ਕ੍ਰਿਸ਼ਨ ਅਤੇ ਰਾਧਾ ਜੀ ਦੇ ਕੱਪੜੇ ਪਾ ਕੇ ਸਾਰਿਆਂ ਦਾ ਮਨ ਮੋਹ ਲਿਆ। ਭਗਵਾਨ ਕ੍ਰਿਸ਼ਨ ਜੀ ਦੀ ਮੂਰਤੀ ਨੂੰ ਸੁੰਦਰ ਅਤੇ ਰੰਗੀਨ ਢੰਗ ਨਾਲ ਸਜਾਇਆ ਗਿਆ ਸੀ ਸੁਰੀਲੇ ਭਜਨਾਂ ਅਤੇ ਨਾਚਾ ਨੇ ਮਾਹੌਲ ਨੂੰ ਪ੍ਰਭੂ ਭਗਤੀ ਦੇ ਰੰਗ ਵਿੱਚ ਰੰਗ ਦਿੱਤਾ ਫੰਕਸ਼ਨ ਦੀ ਸ਼ੁਰੂਆਤ ਵਿੱਚ ਪਲੇ ਪੈਨ ਦੇ ਨੰਨ੍ਹੇ ਮੁੰਨੇ ਬੱਚਿਆ ਨੇ "ਕਿਸੀ ਨੇ ਮੇਰਾਸ਼ਾਮ ਦੇਖਾ" ਗਾਣੇ ਤੇ ਨਾਚ ਪੇਸ਼ ਕਰਕੇ ਸਾਰਿਆਂ ਨੂੰ ਸ੍ਰੀ ਕ੍ਰਿਸ਼ਨ ਜੀ ਦੀ ਭਗਤੀ ਦੇ ਰੰਗ ਵਿੱਚ ਰੰਗ ਦਿੱਤਾ। ਉਪਰੰਤ ਐਲਕੇਜੀ ਦੇ ਬੱਚਿਆਂ ਨੇ" ਕਨਈਆ ਆਲਾ ਰੇ ਆਲਾ "ਅਤੇ ਯੂਕੇ ਜੀ ਦੇ ਬੱਚਿਆਂ ਨੇ "ਕਾਨਾ ਨੰਦ ਕਿਸ਼ੋਰ÷ਗਾਣੇ ਤੇ ਸ਼ਾਨਦਾਰ ਡਾਂਸ ਆਈਟਮਾਂ ਪੇਸ਼ ਕੀਤੀਆਂ। ਉਪਰੰਤ ਪਹਿਲੀ ਕਲਾਸ ਦੇ ਬੱਚਿਆਂ ਨੇ "ਮਾਖਨ ਚੁਰਾ ਲੇ ਗਿਆ "ਅਤੇ ਦੂਸਰੀ ਕਲਾਸ ਦੇ ਬੱਚਿਆਂ ਨੇ 'ਕ੍ਰਿਸ਼ਨਾ ਕ੍ਰਿਸ਼ਨਾ" ਗਾਣੇ ਤੇ ਨਾਜ ਪੇਸ਼ ਕਰਕੇ ਕ੍ਰਿਸ਼ਨ ਭਗਤੀ ਦਾ ਸੁੰਦਰ ਨਜ਼ਾਰਾ ਪੇਸ਼ ਕੀਤਾ । ਇਹ ਇੱਕ ਆਨੰਦਮਈ ਧੁਨ ਅਤੇ ਡਾਂਸ ਕਰਦੇ ਬੱਚਿਆਂ ਨਾਲ ਇੱਕ ਸ਼ਾਨਦਾਰ ਪੇਸ਼ਕਾਰੀ ਵਿੱਚ ਬਦਲ ਗਿਆ। ਇਸ ਮੌਕੇ ਤੇ ਸੈਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਜੀ ਨੇ ਬੱਚਿਆਂ ਦੀਆਂ ਪੇਸ਼ਕਾਰੀਆਂ ਨੂੰ ਖ਼ੂਬ ਸਰਾਇਆ। ਉਹਨਾਂ ਨੇ ਅਧਿਆਪਕਾਂ ਦੀ ਮਿਹਨਤ ਦੀ ਵੀ ਖ਼ੂਬ ਤਾਰੀਫ ਕੀਤੀ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਅਮਰਪ੍ਰੀਤ ਕੌਰ ਜੀ ਨੇ ਭਗਵਾਨ ਕ੍ਰਿਸ਼ਨ ਜੀ ਦੀ ਜੀਵਨੀ ਤੋ ਸਭ ਨੂੰ ਜਾਣੂ ਕਰਾਇਆ। ਉਹਨਾਂ ਕਿਹਾ ਕਿ ਇਹ ਅਧਿਆਤਮਕਤਾ ਦੀ ਮਜਬੂਤ ਭਾਵਨਾ ਅਤੇ ਸ੍ਰੀ ਕ੍ਰਿਸ਼ਨ ਜੀ ਪ੍ਰਤੀ ਸ਼ਰਧਾ ਦਾ ਭਰਪੂਰ ਦਿਨ ਸੀ । ਉਹਨਾਂ ਨੇ ਸਾਰਿਆਂ ਨੂੰ ਹੀ ਜਨਮ ਅਸ਼ਟਮੀ ਦੀਆਂ ਬਹੁਤ ਬਹੁਤ ਮੁਬਾਰਕਾਂ ਦਿੱਤੀਆਂ। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ਼੍ਰੀਮਤੀ ਗੁਰਪ੍ਰੀਤ ਕੌਰ ਜੀ ਸ਼ਿਲਪਾ ਸ਼ਰਮਾ, ਨਿਲਾਕਸੀ ਗੁਪਤਾ, ਪ੍ਰਿਅੰਕਾ ਸ਼ਰਮਾ, (ਕੋਆਰਡੀਨੇਟਰ) ਸਮੂਹ ਸਟਾਫ ਅਤੇ ਬੱਚੇ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਹੈਲੋ ਫੂਡ ਰੈਸਟੋਰੈਂਟ ਜੰਡਿਆਲਾ ਚ ਗੰਨ ਪੁਆਇੰਟ ਤੇ ਲੁੱਟਣ ਵਾਲੇ ਗਰੋਹ ਦੇ 4 ਮੈਂਬਰਾਂ ਨੂੰ ਦੋ ਪਿਸਟਲ, ਨਗਦੀ, ਖੋਹ ਕੀਤੇ ਗਏ ਮੋਬਾਇਲਾਂ ਸਮੇਤ ਕੀਤਾ ਕਾਬੂ : ਐਸ ਐਚ ਓ ਮੁਖਤਿਆਰ ਸਿੰਘ



**ਜੰਡਿਆਲਾ ਗੁਰੂ, 23 ਅਗਸਤ (ਕੁਲਵੰਤ ਸਿੰਘ ਵਿਰਦੀ )**-ਸੀਨੀਅਰ ਪੁਲਿਸ ਕਪਤਾਨ ਸ੍ਰੀ ਚਰਨਜੀਤ ਸਿੰਘ ਆਈ ਪੀ ਐਸ ਮਾਣਯੋਗ ਅੰਮ੍ਰਿਤਸਰ ਦਿਹਾਤੀ ਜੀ ਅਤੇ ਸ੍ਰੀ ਰਵਿੰਦਰਪਾਲ ਸਿੰਘ ਪੀ ਪੀ ਐਸ ਉਪ ਪੁਲਿਸ ਕਪਤਾਨ ਸਬ ਡਵੀਜਨ ਜੰਡਿਆਲਾ ਗੁਰੂ ਜੀ ਵੱਲੋ ਬੀਤੇ ਦਿਨ 19/8/2024 ਨੂੰ ਹੈਲੋ ਫੂਡ ਰੈਸਟੋਰੈਂਟ ਜੰਡਿਆਲਾ ਗੁਰੂ ਵਿਖੇ ਗੰਨ ਪੁਵਾਇੰਟ ਤੇ ਲੁੱਟ ਖੋਹ ਕਰਨ ਵਾਲੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਉਕਤ ਕੇਸ ਦੀ ਬਰੀਕੀ ਨਾਲ ਜਾਂਚ ਕਰਨ ਲਈ ਇੰਸਪੈਕਟਰ ਮੁਖਤਿਆਰ ਸਿੰਘ ਮੁੱਖ ਅਫਸਰ ਥਾਣਾ ਜੰਡਿਆਲਾ ਦੀ ਅਗਵਾਈ ਵਿਚ ਸਪੈਸ਼ਲ ਟੀਮਾ ਨੂੰ ਵਿਸ਼ੇਸ਼ ਹਦਾਇਤਾਂ/ਦਿਸ਼ਾ ਨਿਰੇਦਸ਼ਾਂ ਜਾਰੀ ਕੀਤੇ ਗਏ ਸਨ ਜਿਸ ਤੇ ਇੰਸਪੈਕਟਰ ਮੁਖਤਿਆਰ ਸਿੰਘ ਮੁੱਖ ਅਫਸਰ ਥਾਣਾ ਜੰਡਿਆਲਾ ਦੀ ਅਗਵਾਈ ਵਿੱਚ ਸਪੈਸ਼ਲ ਟੀਮਾ ਵੱਲੋਂ ਟੈਕਨੀਕਲ ਸੈੱਲ ਅੰਮ੍ਰਿਤਸਰ ਦਿਹਾਤੀ ਅਤੇ ਤਕਨੀਕੀ ਢੰਗ ਤਰੀਕਿਆਂ ਦੀ ਮਦਦ ਨਾਲ ਉਕਤ ਕੇਸ ਨੂੰ 48 ਘੰਟਿਆਂ ਦੇ ਅੰਦਰ ਅੰਦਰ ਟਰੇਸ ਕਰਦੇ ਹੋਏ ਉਕਤ ਮੁੱਕਦਮਾ ਨੂੰ ਅੰਜਾਮ ਦੇਣ ਵਾਲੇ 5 ਦੋਸ਼ੀਆਂ ਵਿਚੋਂ 4 ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਅਤੇ ਦੋਸ਼ੀਆਂ ਪਾਸੋਂ ਵਾਰਦਾਤ ਸਮੇ ਵਰਤੇ ਗਏ 2 ਪਿਸਟਲ, ਖੋਹ ਕੀਤੀ ਗਈ ਨਗਦੀ,ਖੋਹ ਕੀਤੇ ਗਏ 2 ਮੋਬਾਇਲਾਂ ਨੂੰ ਬ੍ਰਾਮਦ ਕੀਤੇ ਗਏ। ਦੋਸ਼ੀਆਂ ਦੀ ਪਹਿਚਾਣ ਅਜੈਪਾਲ ਸਿੰਘ ਉਰਫ ਅਜੇ ਪੁੱਤਰ ਕਾਬਲ ਸਿੰਘ (ਸੇਲਜਮੈਨ ਹੈਲੋ ਫੂਡ) , ਪਰਮਜੀਤ ਸਿੰਘ ਉਰਫ ਪਰਮ ਪੁੱਤਰ ਅਵਤਾਰ ਸਿੰਘ (ਸੇਲਜਮੈਨ ਹੈਲੋ ਫੂਡ),ਸ਼ਰਨਜੀਤ ਸਿੰਘ ਉਰਫ ਸੰਨੀ ਪੁੱਤਰ ਦਵਿੰਦਰ ਸਿੰਘ ਉਰਫ ਗੋਰਾ ਵਾਸੀ ਵਾਸੀਆਨ ਖੂਹ ਗੁਰੂ ਅਰਜਨ ਦੇਵ ਜੰਡਿਆਲਾ ਗੁਰੂ ਜੋ ਰਿਸ਼ਤੇ ਵਜੋਂ ਚਾਚੇ ਤਾਏ ਦੇ ਪੁੱਤ ਭਰਾ ਸਨ , ਮਨਪ੍ਰੀਤ ਸਿੰਘ ਉਰਫ ਰਾਣਾ ਪੁੱਤਰ ਮੰਗਲ ਸਿੰਘ ਵਾਸੀ ਗਹਿਰੀ ਮੰਡੀ , ਗੁਰਸ਼ਾਨ ਸਿੰਘ ਪੁੱਤਰ ਛਿੰਖਾ ਸਿੰਘ ਵਾਸੀ ਧਾਰੜ ਵਜੋਂ ਹੋਈ ਹੈ।ਦੋਸ਼ੀ ਗੁਰਜਾਨ ਸਿੰਘ ਦੀ ਗ੍ਰਿਫਤਾਰੀ ਬਾਕੀ ਹੈ ਅਤੇ ਜਿਸ ਨੂੰ ਜਲਦ ਹੀ ਗ੍ਰਿਫਤਾਰ ਕਰ ਲਿਆ ਜਾਵੇਗਾ।ਵਰਨਣਯੋਗ ਹੈ ਕਿ ਹੈਲੋਫੂਡ ਰੈਸਟੋਰੈਂਟ ਤੇ ਕੰਮ ਕਰਨ ਵਾਲੇ ਸੇਲਜਮੈਨ ਅਜੈਪਾਲ ਸਿੰਘ ਅਤੇ ਪਰਮਜੀਤ ਸਿੰਘ ਉਰਫ ਪਰਮ ਵੱਲੋਂ ਉਕਤ 3 ਦੋਸ਼ੀਆਂ ਨਾਲ ਹਮਸਲਾਹ ਹੋ ਕੇ ਰੈਕੀ ਕਰਕੇ ਉਕਤ ਵਾਰਦਾਤ ਨੂੰ ਅੰਜਾਮ ਦਿਤਾ ਗਿਆ ਸੀ। ਥਾਣਾ ਜੰਡਿਆਲਾ ਵਿਖੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਸਮੇ ਇੰਸਪੈਕਟਰ ਮੁਖਤਿਆਰ ਸਿੰਘ ਥਾਣਾ ਜੰਡਿਆਲਾ ਸਮੇਤ ਏ ਐਸ ਆਈ ਰਛਪਾਲ ਸਿੰਘ ਚੌਂਕੀ ਇੰਚਾਰਜ ਨਵਾਂ ਪਿੰਡ ਸਮੇਤ ਥਾਣਾ ਦੇ ਹੋਰ ਪੁਲਿਸ ਮੁਲਾਜਮ ਮੌਕੇ ਤੇ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸਰਕਾਰੀ ਬਹੁਤਕਨੀਕੀ ਕਾਲਜ ਵਿੱਚ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ ਵਣ ਮਹਾਂਉਤਸਵ

# ਵਿਧਾਇਕ ਸ. ਰਣਬੀਰ ਭੁੱਲਰ ਨੇ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ



**ਫ਼ਿਰੋਜ਼ਪੁਰ, 23 ਅਗਸਤ (ਸੁਖਮੰਦਰ ਸਿੰਘ ਸ਼ਾਤ)**-ਸਥਾਨਕ ਸਰਕਾਰੀ ਬਹੁਤਕਨੀਕੀ ਕਾਲਜ ਵਿਖੇ ਵਣ ਮਹਾਂਉਤਸਵ ਬੜੇ ਉਤਸਾਹ ਨਾਲ ਮਨਾਇਆ ਗਿਆ। ਇਸ ਮੌਕੇ ਸ. ਰਣਬੀਰ ਸਿੰਘ ਭੁੱਲਰ ਵਿਧਾਇਕ ਫ਼ਿਰੋਜ਼ਪੁਰ ਸ਼ਹਿਰੀ ਵੱਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ। ਇਸ ਦੌਰਾਨ ਉਨ੍ਹਾਂ ਨਾਲ ਚੇਅਰਮੈਨ ਮਾਰਕਿਟ ਕਮੇਟੀ ਫ਼ਿਰੋਜ਼ਪੁਰ ਸ. ਬਲਰਾਜ ਸਿੰਘ ਕਟੋਰਾ ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਕਾਲਜ ਪ੍ਰਿੰਸੀਪਲ ਸ਼੍ਰੀ ਜਤਿੰਦਰ ਪਾਲ ਦੀ ਅਗਵਾਈ ਵਿੱਚ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ ਮੁੱਖ ਮਹਿਮਾਨ ਦਾ ਸਵਾਗਤ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ ਵਿਧਾਇਕ ਸ. ਰਣਬੀਰ ਸਿੰਘ ਭੁੱਲਰ ਵੱਲੋਂ ਕਾਲਜ ਵਿੱਚ ਨਵੇਂ ਉਸਾਰੇ ਗਏ ਪਾਰਕ ਵਿੱਚ ਪੌਦੇ ਲਗਾ ਕੇ ਕੀਤੀ ਗਈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਹਰਿਆ-ਭਰਿਆ ਤੇ ਤੰਦਰੁਸਤ ਪੰਜਾਬ ਸਿਰਜਣ ਦੀ ਮੁਹਿੰਮ ਤਹਿਤ ਰਾਜ ਭਰ ਵਿੱਚ ਕਰੋੜਾਂ ਦੀ ਗਿਣਤੀ ਵਿੱਚ ਨਵੇਂ ਰੁੱਖ ਲਗਾਏ ਜਾ ਰਹੇ ਹਨ। ਇਸੇ ਤਹਿਤ ਫ਼ਿਰੋਜ਼ਪੁਰ ਜ਼ਿਲ੍ਹੇ ਵਿੱਚ ਵੀ ਵੱਖ-ਵੱਖ ਸਰਕਾਰੀ, ਗੈਰ-ਸਰਕਾਰੀ ਸੰਸਥਾਵਾਂ ਦੇ ਮਾਧਿਅਮ ਨਾਲ 'ਹਰ ਮਨੁੱਖ ਲਾਵੇ ਇਕ ਰੁੱਖ' ਮੁਹਿੰਤ ਤਹਿਤ 12 ਲੱਖ ਤੋਂ ਵੱਧ ਪੌਦੇ ਲਗਾਏ ਜਾ ਰਹੇ ਹਨ। ਸਮਾਗਮ ਦੌਰਾਨ ਵਿਧਾਇਕ ਸ. ਭੁੱਲਰ ਵੱਲੋਂ ਕਾਲਜ ਸਟਾਫ ਅਤੇ ਵਿਦਿਆਰਥੀਆਂ ਨਾਲ ਵਿਸ਼ੇਸ਼ ਤੌਰ 'ਤੇ ਰਾਬਤਾ ਕਾਇਮ ਕੀਤਾ ਗਿਆ ਅਤੇ ਕਾਲਜ ਨੂੰ ਦਰਪੇਸ਼ ਆ ਰਹੀਆਂ ਵੱਖ-ਵੱਖ ਮੁਸ਼ਕਲਾਂ ਨੂੰ ਸੁਣਦੇ ਹੋਏ ਉਨ੍ਹਾਂ ਦੇ ਉਚੇਚੇ ਤੌਰ 'ਤੇ ਹੱਲ ਕਰਵਾਉਣ ਦਾ ਭਰੋਸਾ ਵੀ ਜਤਾਇਆ ਗਿਆ। ਉਨ੍ਹਾਂ ਵਿਦਿਆਰਥੀਆਂ ਨੂੰ ਵਾਤਾਵਰਨ ਬਚਾਉਣ ਲਈ ਅੱਗੇ ਆਉਣ ਅਤੇ ਵੱਧ ਚੱੜ ਕੇ ਨਵੇਂ ਬੂਟੇ ਲਗਾਉਣ ਦਾ ਸੰਦੇਸ਼ ਦਿੱਤਾ। ਕਾਲਜ ਵੱਲੋਂ ਚਲਾਈ ਇਸ ਮੁਹਿੰਮ ਦੀ ਸਲਾਘਾ ਕਰਦਿਆਂ ਉਨ੍ਹਾ ਕਿਹਾ ਕਿ ਜੇਕਰ ਹਰ ਨੌਜਵਾਨ ਆਪਣੇ ਜੀਵਨ ਵਿੱਚ ਘੱਟੋ-ਘੱਟ ਇੱਕ ਦਰੱਖਤ ਲਗਾਕੇ ਉਸਦੀ ਸਾਂਭ ਸੰਭਾਲ ਦਾ ਪ੍ਰਣ ਲਵੇ ਤਾਂ ਇਸ ਪੰਜਾਬ ਨੂੰ ਜਲਦ ਹੀ ਹਰਿਆ-ਭਰਿਆ ਬਣਾਇਆ ਜਾ ਸਕਦਾ ਹੈ ਅਤੇ ਇਸ ਕੰਮ ਦੀ ਸ਼ੁਰੂਆਤ ਲਈ ਵਿਦਿਆਰਥੀ ਵਰਗ ਨੂੰ ਅੱਗੇ ਆਉਣ ਦੀ ਵਿਸ਼ੇਸ਼ ਲੋੜ ਹੈ। ਸਮਾਗਮ ਦੌਰਾਨ ਸਮਾਜਸੇਵੀ ਸੰਸਥਾ ਲਾਇਨਸ ਕਲੱਬ (ਬਾਰਡਰ), ਫ਼ਿਰੋਜ਼ਪੁਰ ਵੱਲੋਂ ਵੀ ਆਪਣਾ ਵਿਸ਼ੇਸ਼ ਯੋਗਦਾਨ ਪਾਇਆ ਗਿਆ। ਸੰਸਥਾ ਵੱਲੋਂ ਕਾਲਜ ਵਿੱਚ ਵਾਤਾਵਰਨ ਦੀ ਸੰਭਾਲ ਅਤੇ ਕਾਲਜ ਪਾਰਕ ਦੀ ਦਿੱਖ ਨੂੰ ਸੁੰਦਰ ਬਨਾਉਣ ਲਈ ਆਪਣੇ ਵੱਲੋਂ ਗਮਲੇ ਅਤੇ ਬੂਟੇ ਕਾਲਜ ਨੂੰ ਭੇਂਟ ਕੀਤੇ ਗਏ। ਇਸ ਦੌਰਾਨ ਆਏ ਸਾਰੇ ਹੀ ਮਹਿਮਾਨਾਂ ਵੱਲੋਂ ਕਾਲਜ ਪਾਰਕ ਵਿੱਚ ਨਵੇਂ ਬੂਟੇ ਲਗਾਏ ਗਏ। ਇਸ ਮੌਕੇ ਵਿਧਾਇਕ ਵੱਲੋਂ ਕਾਲਜ ਵੱਲੋਂ ਸਮੇਂ-ਸਮੇਂ ਤੇ ਕਰਵਾਈਆਂ ਗਈਆਂ ਵੱਖ-ਵੱਖ ਅਕਾਦਮਿਕ ਅਤੇ ਸਭਿਆਚਾਰਕ ਗਤੀਵਿਧੀਆਂ ਵਿੱਚ ਮੋਹਰੀ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕਰਦਿਆਂ ਉਨ੍ਹਾਂ ਦੀ ਹੌਂਸਲਾ ਅਫ਼ਜਾਈ ਵੀ ਕੀਤੀ ਗਈ। ਕਾਲਜ ਪ੍ਰਿੰਸੀਪਲ ਸ਼੍ਰੀ ਜਤਿੰਦਰਪਾਲ ਵੱਲੋਂ ਵਿਧਾਇਕ ਸ. ਰਣਬੀਰ ਸਿੰਘ ਭੁੱਲਰ ਅਤੇ ਉਨ੍ਹਾਂ ਦੇ ਨਾਲ ਆਏ ਸਮੂਹ ਪਤਵੰਤੇ ਸੱਜਨਾਂ ਦਾ ਧੰਨਵਾਦ ਕੀਤਾ ਗਿਆ ਅਤੇ ਉਨ੍ਹਾਂ ਨੂੰ ਯਾਦ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਾਲਜ ਦੇ ਵੱਖ ਵੱਖ ਵਿਭਾਗਾਂ ਦੇ ਮੁੱਖੀ ਸ਼੍ਰੀਮਤੀ ਜਸਵਿੰਦਰ ਕੌਰ, ਸ਼੍ਰੀ ਸੁਧੀਰ ਕੁਮਾਰ, ਸ਼੍ਰੀ ਡਿੰਪਲ ਬੱਧਵਾਰ, ਸ਼੍ਰੀ ਅਮਰਸੀਰ ਸਿੰਘ, ਸ਼੍ਰੀ ਰਾਜੇਸ਼ ਬਾਹਰੀ, ਸ਼੍ਰੀ ਸੁਖਪਾਲ ਸਿੰਘ, ਸਮੂਹ ਕਾਲਜ ਸਟਾਫ, ਲਾਇੰਸ ਕਲੱਬ (ਬਾਰਡਰ), ਫ਼ਿਰੋਜ਼ਪੁਰ ਦੇ ਪ੍ਰਧਾਨ ਲਾਇਨ ਸ਼੍ਰੀ ਦੀਪਕ ਗੁਪਤਾ, ਲਾਇਨ ਸ਼੍ਰੀ ਰੋਹਿਤ ਗਰਗ (ਖੇਤਰੀ ਚੇਅਰਪਰਸਨ) ਅਤੇ ਲਾਇਨ ਸੌਰਵ ਪੂਰੀ ਆਦਿ ਹਾਜ਼ਰ ਸਨ।

**ਵਿਧਾਇਕ, ਚੇਅਰਮੈਨ ਨੇ ਪੌਦੇ ਲਗਾ ਕੇ ਵਾਤਾਵਰਨ ਦੀ ਸੰਭਾਲ ਦਾ ਦਿੱਤਾ ਸੁਨੇਹਾ**

### ਅੱਖਾਂ ਦਾਨ-ਮਹਾਂ ਦਾਨ ਪੰਦਰਵਾੜੇ ਦੀਆਂ

# ਤਿਆਰੀਆਂ ਸੰਬਧੀ ਕੀਤੀ ਵਿਸ਼ੇਸ਼ ਮੀਟਿੰਗ



**ਚੌਕ ਮਹਿਤਾ, 23 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਿਹਤ ਵਿਭਾਗ ਵਲੋਂ ਸਿਵਲ ਸਰਜਨ ਡਾ ਸੁਮੀਤ ਸਿੰਘ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੂਸਾਰ ਸਹਾਇਕ ਸਿਵਲ ਸਰਜਨ ਕਮ ਨੋਡਲ ਅਫਸਰ ਡਾ ਰਜਿੰਦਰ ਪਾਲ ਕੌਰ ਦੀ ਅਗਵਾਈ ਹੇਠ ਮਿਤੀ 25 ਅਗਸਤ ਤੋਂ 08 ਸਤੰਬਰ ਤੱਕ ਅੱਖਾਂ ਦਾਨ-ਮਹਾਂ ਦਾਨ ਪੰਦਰਵਾੜੇ ਦੀਆਂ ਤਿਆਰੀਆਂ ਲਈ ਸਮੂਹ ਬਲਾਕ ਐਕਸਟੇਂਸ਼ਨ ਐਜੂਕੇਟਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੌਕੇ ਡਾ ਰਜਿੰਦਰ ਪਾਲ ਕੌਰ ਨੇ ਸੰਬੋਧਨ ਕਰਦਿਆ ਕਿਹਾ ਕਿ ਅੱਖਾ ਦਾ ਦਾਨ ਮਹਾ ਦਾਨ ਹੈ, ਕਿਉ ਕਿ ਜੇਕਰ ਇਕ ਇਨਸਾਨ ਆਪਣੀਆ ਅੱਖਾ ਦਾਨ ਕਰਦਾ ਹੈ ਤਾਂ ਉਸਦੀਆ ਅੱਖਾ ਨਾਲ ਦੂਜਾ ਇਨਸਾਨ ਹਨੇਰੇ ਵਿਚੌਂ ਨਿਕਲ ਕੇ ਰੋਸ਼ਨੀ ਵਿਚ ਆਪਣੀ ਜਿੰਦਗੀ ਬਿਤਾ ਸਕਦਾ ਹੈ। ਦੁਨੀਆ ਵਿੱਚ ਤਕਰੀਬਨ 12 ਲੱਖ ਲੋਕ ਅੱਖਾ ਦੀਆ ਬਿਮਾਰੀਆ ਦਾ ਸ਼ਿਕਾਰ ਹਨ, ਜਿਨਾ ਵਿਚੋ 3 ਲੱਖ ਦੇ ਕਰੀਬ ਅੱਖਾਂ ਤੋ ਬਿਨਾ ਹੀ ਆਪਣੀ ਜਿੰਦਗੀ ਬਤੀਤ ਕਰ ਰਹੇ ਹਨ। ਇਸ ਬਾਰੇ ਉਹਨਾਂ ਨੇ ਅਪੀਲ ਕੀਤੀ ਕਿ ਸਿਹਤ ਵਿਭਾਗ ਵਿੱਚ ਕੰਮ ਕਰ ਰਹੇ ਹਰ ਇਕ ਕਰਮਚਾਰੀ ਦਾ ਫਰਜ ਹੈ ਕਿ ਉਹ ਆਪਣੇ ਕੰਮ ਦੇ ਖੇਤਰ ਵਿੱਚ ਆਉਦੇ ਹਰ ਇੱਕ ਇਨਸਾਨ ਨੂੰ ਅੱਖਾਂ ਦਾਨ ਕਰਨ ਲਈ ਪ੍ਰੇਰਤ ਕਰੇ। ਇਸ ਮੌਕੇ ਜਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ ਨੇ ਜਾਣਕਾਰੀ ਦਿਦਿਆ ਕਿਹਾ ਕਿ ਕਿਸੇ ਵੀ ਅਣਸੁਖਾਵੀ ਘਟਨਾ ਭਾਵ ਐਕਸੀਡੈਂਟ ਜਾ ਕਿਸੇ ਹੋਰ ਕਾਰਨ ਨਾਲ ਮੌਤ ਹੋਣ ਦੀ ਹਾਲਤ ਵਿਚ ਜਿੰਨੀ ਜਲਦੀ ਤੋਂ ਜਲਦੀ ਹੋ ਸਕੇ ਜਾਂ ਮੋਤ ਤੋ ਬਾਦ ਘੱਟ ਤੋ ਘੱਟ 6 ਘੰਟੇ ਅਤੇ ਵਧ ਤੋ ਵਧ 24 ਘੰਟੇ ਦੇ ਅੰਦਰ-ਅੰਦਰ ਅੱਖਾ ਦਾਨ ਕੀਤੀਆ ਜਾ ਸਕਦੀਆ ਹਨ। ਇਸ ਪੰਦਰਵਾੜੇ ਦੌਰਾਣ ਜਿਲ੍ਹੇ ਭਰ ਵਿਚ ਸਾਰੀਆਂ ਸਿਹਤ ਸੰਸਥਾਵਾਂ ਵਿਚ ਆਮ ਜਨਤਾ ਨੂੰ ਅੱਖਾਂ ਦਾਨ ਕਰਨ ਲਈ ਪ੍ਰੇਰਿਤ ਕੀਤਾ ਜਾਵੇਗਾ।

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਜੋਰਾ ਸਿੰਘ ਭਾਈ ਹਰਸੇਵਕ ਸਿੰਘ ਦਾ ਪੰਜਾਬ ਪਹੁੰਚਣ 'ਤੇ ਕੀਤਾ ਸਵਾਗਤ



**ਚੌਕ ਮਹਿਤਾ, 23 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਹਜੂਰੀ ਰਾਗੀ ਭਾਈ ਜੋਰਾ ਸਿੰਘ ਜੀ ਅਤੇ ਤਬਲਾ ਵਾਦਕ ਭਾਈ ਹਰਸੇਵਕ ਸਿੰਘ ਜੀ ਦਾ ਜਥਾ ਪਿਛਲੇ ਕੁਝ ਮਹੀਨਿਆਂ ਤੋਂ ਇੰਗਲੈਂਡ ਦੀ ਧਰਤੀ ਤੇ ਵੱਖ ਵੱਖ ਗੁਰਦੁਆਰਾ ਸਾਹਿਬਾਨ ਵਿੱਚ ਗੁਰਬਾਣੀ ਦੇ ਪਵਿੱਤਰ ਪਾਵਨ ਕੀਰਤਨ ਦੀ ਸੇਵਾ ਕਰਨ ਲਈ ਗਏ ਸਨ। ਅੱਜ ਭਾਈ ਜੋਰਾ ਸਿੰਘ ਜੀ ਅਤੇ ਭਾਈ ਹਰਸੇਵਕ ਸਿੰਘ ਜੀ ਦਾ ਸ੍ਰੀ ਗੁਰੂ ਰਾਮਦਾਸ ਸਾਹਿਬ ਇੰਟਰਨੈਸ਼ਨਲ ਹਵਾਈ ਅੱਡਾ ਰਾਜਾਸਾਂਸੀ ਪਹੁੰਚਣ ਤੇ ਤੇਰੀ ਓਟ ਆਸੀਆਨਾ ਦੇ ਮੁੱਖੀ ਅਤੇ ਸਿੱਖ ਪੰਥ ਮਹਾਨ ਕਥਾਵਾਚਕ ਗਿਆਨੀ ਭੁਪਿੰਦਰ ਸਿੰਘ ਗਦਲੀ ਸ੍ਰੀ ਅੰਮ੍ਰਿਤਸਰ ਸਾਹਿਬ ਵਾਲਿਆਂ ਨੇ ਸਿਰਪਾਉ ਦੇਕੇ ਸਨਮਾਨਿਤ ਕੀਤਾ ਗਿਆ।

# ਨਸ਼ੇੜੀ ਲੜਕੀਆਂ ਦੇ ਖੁੱਲ੍ਹੇ ਵਾਲ ਮੂੰਹ ਅੱਗੇ ਆਉਣ ਤੇ ਲੋਕਾਂ ਵੱਲੋਂ ਚੁੜੇਲ ਸਮਝਿਆ ਜਾਂਦਾ, ਗੁਰਮਤਿ ਅਨੁਸਾਰ ਚੁੜੇਲ ਵਰਗੀ ਕੋਈ ਐਸੀ ਚੀਜ਼ ਨਹੀਂ ਪਰ ਫਿਰ ਵੀ ਬਣਿਆ ਚਰਚਾ ਦਾ ਵਿਸ਼ਾ

**ਜੰਡਿਆਲਾ ਗੁਰੂ, 23 ਅਗਸਤ ( ਕੁਲਵੰਤ ਸਿੰਘ ਵਿਰਦੀ)**-ਨਸ਼ੇ ਦੇ ਸ਼ੌਕੀਨ ਹਜ਼ਾਰਾਂ ਨੌਜਵਾਨ ਇਸ ਦੁਨੀਆ ਨੂੰ ਅਲਵਿਦਾ ਕਹਿਕੇ ਮਾਪਿਆ ਨੂੰ ਰੋਂਦੇ ਕੁਰਲਾਉਂਦੇ ਛੱਡਕੇ ਜਾ ਰਹੇ ਹਨ। ਪੰਜਾਬ ਵਿੱਚੋ ਨਸ਼ਾ ਖਤਮ ਕਰਨ ਦਾ ਕਾਫੀ ਪਰਚਾਰ ਕੀਤਾ ਜਾ ਰਿਹਾ ਹੈ ਪਰ ਅਫਸੋਸ ਜੰਡਿਆਲਾ ਗੁਰੂ ਸ਼ਹਿਰ ਵਿਚ ਨੌਜਵਾਨ ਲੜਕਿਆਂ ਤੋਂ ਇਲਾਵਾ ਲੜਕੀਆਂ ਵਲੋ ਵੀ ਨਸ਼ੇ ਚ ਧੁੱਤ ਰਹਿਣਾ ਸ਼ਹਿਰ ਚ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। ਮੌਕੇ ਤੋਂ ਇਕੱਤਰ ਕੀਤੀ ਜਾਣਕਾਰੀ ਅਨੁਸਾਰ ਇਹ ਨਸ਼ੇੜੀ ਲੜਕੀਆਂ ਰਾਤ 9-10 ਵਜੇ ਤੋਂ ਬਾਅਦ ਸਥਾਨਕ ਅਨਾਜ ਮੰਡੀ ਮਾਰਕੀਟ ਕਮੇਟੀ ਦਫਤਰ ਸਾਹਮਣੇ, ਗਹਿਰੀ ਮੰਡੀ ਰੋਡ, ਮਲੀਆਂ, ਜੀ ਟੀ ਰੋਡ ਦੇ ਨਾਲ ਸਥਿਤ ਜੋਤੀਸਰ ਕਾਲੋਨੀ ਅਤੇ ਗਊਸ਼ਾਲਾ ਰੋਡ ਵਿਚ ਆਮ ਦੇਖੀਆਂ ਜਾ ਸਕਦੀਆਂ ਹਨ। ਇਹ ਵੀ ਦੇਖਿਆ ਗਿਆ ਕਿ ਇਹ ਨਸ਼ੇੜੀ ਲੜਕੀਆਂ ਰਾਤ ਨੂੰ ਜੀ ਟੀ ਰੋਡ ਦੇ ਫੁਟਪਾਥ ਤੇ ਸੁੱਤੀਆਂ ਹੁੰਦੀਆ ਹਨ। ਦੱਸਿਆ ਜਾਂਦਾ ਹੈ ਕਿ ਕੁਝ ਨਸ਼ੇੜੀ ਲੜਕੀਆਂ ਤਾਂ ਗੱਡੀਆਂ ਨੂੰ ਹੱਥ ਦੇਕੇ ਰੁਕਣ ਦਾ ਇਸ਼ਾਰਾ ਕਰਦੀਆਂ ਹਨ ਜਦ ਗੱਡੀ ਵਾਲਾ ਰੁਕਕੇ ਇਹਨਾਂ ਦੀ ਮਦਦ ਕਰਨ ਦੀ ਕੋਸ਼ਿਸ਼ ਕਰਦਾ ਹੈ ਤਾਂ ਇਹਨਾ ਦਾ ਗਿਰੋਹ ਗੱਡੀ ਵਾਲੇ ਉਪਰ ਹਮਲਾ ਕਰਕੇ ਓਹਨਾਂ ਨਾਲ ਲੁੱਟ ਖੋਹ ਆਦਿ ਕਰ ਲੈਂਦਾ ਹੈ। ਕੁਝ ਰਾਹਗੀਰ ਤਾਂ ਇਹਨਾ ਨਸ਼ੇੜੀ ਲੜਕੀਆਂ ਦਾ (ਖੁੱਲ੍ਹੇ ਵਾਲ ਮੂੰਹ ਅੱਗੇ ਵਾਲਾ) ਰੂਪ ਦੇਖਕੇ ਇਹਨਾ ਨੂੰ ਚੁੜੇਲ ਸਮਝ ਲੈਂਦੇ ਹਨ ਬਲਕਿ ਗੁਰਮਤਿ ਮੁਤਾਬਕ ਚੁੜੇਲ ਵਰਗੀ ਕੋਈ ਐਸੀ ਚੀਜ਼ ਨਹੀਂ ਹੁੰਦੀ ਪਰ ਫਿਰ ਵੀ ਸ਼ਹਿਰ ਵਿਚ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ ਬੀਤੇ ਦਿਨੀਂ ਸ਼ਹਿਰ ਦੇ ਵੱਖ ਵੱਖ ਇਲਾਕਿਆਂ ਵਿਚ ਨਸ਼ੇੜੀ ਲੜਕੇ ਅਤੇ ਲੜਕੀਆਂ ਦੀਆਂ ਵੀਡਿਓ ਵੀ ਸ਼ੋਸ਼ਲ ਮੀਡੀਆ ਤੇ ਵਾਇਰਲ ਹੋਈਆਂ ਸਨ। ਭਾਵੇਂ ਕਿ ਸਥਾਨਕ ਪੁਲਿਸ ਵਲੋ ਇਸਦੇ ਖਿਲਾਫ ਰਾਤ ਨੂੰ ਗਸ਼ਤ ਕੀਤੀ ਜਾਂਦੀ ਹੈ ਪਰ ਪੁਲਿਸ ਪਾਰਟੀ ਨੂੰ ਦੇਖਕੇ ਇਹ ਨਸ਼ੇੜੀ ਲੜਕੀਆਂ ਇਧਰ ਉਧਰ ਫਰਾਰ ਹੋ ਜਾਂਦੀਆਂ ਹਨ। ਸ਼ਹਿਰ ਵਾਸੀਆਂ ਦੀ ਪੁਲਿਸ ਦੇ ਉੱਚ ਅਧਿਕਾਰੀਆਂ ਕੋਲੋ ਮੰਗ ਹੈ ਕਿ ਰਾਤ ਨੂੰ ਜੀ ਟੀ ਰੋਡ ਤੇ ਹੁੰਦੇ ਚੁੜੇਲ ਦੇ ਡਰਾਮੇ ਨੂੰ ਖਤਮ ਕੀਤਾ ਜਾਵੇ ਅਤੇ ਨਸ਼ੇੜੀ ਲੜਕੀਆਂ ਦੇ ਖਿਲਾਫ ਬਣਦੀ ਕਾਨੂੰਨੀ ਕਰਵਾਈ ਕੀਤੀ ਜਾਵੇ ਕਿਉਕਿ ਮਿਲੀ ਜਾਣਕਾਰੀ ਅਨੁਸਾਰ ਇਹ ਨਸ਼ੇੜੀ ਲੜਕੀਆਂ ਨਸ਼ੇ ਦੀ ਪੂਰਤੀ ਲਈ ਦੇਹ ਵਪਾਰ ਦੇ ਧੰਦੇ ਨੂੰ ਵੀ ਪਰਫੁਲਤ ਕਰ ਰਹੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਜਨਮ ਦਿਨ ਮੁਬਾਰਕ



**ਅਰਪਨਦੀਪ ਕੌਰ**
ਗੁਰਪ੍ਰੀਤ ਸਿੰਘ, ਦਾਦਾ ਗੁਰਦਿਆਲ ਸਿੰਘ, ਮਾਤਾ ਕੰਵਲਜੀਤ ਕੌਰ, ਵਾਸੀ ਚੌਕ ਮਹਿਤਾ (ਵੇਰਵਾ ਤੇ ਫੋਟੋ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸੰਤ ਬਾਬਾ ਗੁਰਬਚਨ ਸਿੰਘ ਡੰਡੇ ਵਾਲਿਆਂ ਦੀ

# 43 ਵੀ ਬਰਸੀ ਮਨਾਈ ਗਈ

## ਕੀਰਤਨ, ਕਥਾ, ਕਵੀਸ਼ਰ, ਢਾਡੀ ਸਿੰਘਾ ਨੇ ਗੁਰਮੱਤ ਵਿਚਾਰਾਂ ਗੁਰੂ ਇਤਹਾਸ ਸੰਗਤਾਂ ਨੂੰ ਸਰਵਨ ਕਰਵਾਏ











**ਅੰਮ੍ਰਿਤਸਰ, 23ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )** -ਗੁਰਦੁਆਰਾ ਹੌਲਗੜ ਸੰਪਰਦਾਇ ਹਰਖੋਵਾਲ ਖੁਜਲੀ ਦੇ ਮੁੱਖੀ ਅਤੇ ਸੰਤ ਸਮਾਜ ਮਾਝਾ ਦੇ ਮੁੱਖ ਬੁਲਾਰੇ ਸੰਤ ਬਾਬਾ ਗੁਰਭੇਜ ਸਿੰਘ ਦੀ ਅਗਵਾਈ ਹੇਠ 43 ਵੀ ਬਰਸੀਂ ਮਨਾਈ ਗਈ। ਪਵਿੱਤਰ ਪਾਵਨ ਗੁਰਬਾਣੀ ਦੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਦੀਵਾਨ ਸਜਾਏ ਗਏ, ਜਿਸ ਵਿੱਚ ਕੀਰਤਨ, ਕਥਾ, ਕਵੀਸ਼ਰ, ਢਾਡੀ ਸਿੰਘਾ ਨੇ ਗੁਰਮੱਤ ਵਿਚਾਰਾਂ ਗੁਰੂ ਇਤਹਾਸ ਸੰਗਤਾਂ ਨੂੰ ਸਰਵਨ ਕਰਵਾਏ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਤੇ ਦਮਦਮੀ ਟਕਸਾਲ ਜਥਾ ਭਿੰਡਰ ਮਹਿਤਾ ਤੋਂ ਸਿੰਘਾ ਨੇ ਹਾਜਰੀ ਭਰੀ, ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਵਾਲੇ, ਸੰਤ ਬਾਬਾ ਸਰਦਾਰਾਂ ਸਿੰਘ ਕਾਰ ਸੇਵਾ ਵਾਲੇ,ਸੰਤ ਬਾਬਾ ਬਾਬਾ ਮਨਮੋਹਨ ਸਿੰਘ ਭੰਗਾਲੀ ਸਾਹਿਬ ਵਾਲੇ, ਪਰਮਾ ਨੰਦ ਜੰਡਿਆਲਾ ਗੁਰੂ ਵਾਲੇ,ਸੰਤ ਬਾਬਾ ਗੁਰਦੇਵ ਸਿੰਘ ਡੇਰਾ ਭਗਤਾਂ ਤਰਸਿੱਕਾ ਵਾਲੇ, ਸੰਤ ਬਾਬਾ ਸੁਖਵਿੰਦਰ ਸਿੰਘ ਮਲਕਪੁਰ, ਸੰਤ ਬਾਬਾ ਸਰਵਨ ਸਿੰਘ ਮਲਕਪੁਰ ਵਾਲੇ, ਸੰਤ ਬਾਬਾ ਅਮਨਦੀਪ ਸਿੰਘ ਸਤੋਵਾਲ ਗਲੀ ਅਮਿਤ੍ਸਰ ਵਾਲੇ, ਸੰਤ ਬਾਬਾ ਬੁੱਧ ਸਿੰਘ ਨਿੱਕੇ ਘੁੰਮਣਾ ਵਾਲੇ, ਸੰਤ ਬਾਬਾ ਦੀਦਾਰ ਸਿੰਘ ਭੂਰੀ ਵਾਲੇ ਸੰਤ ਬਾਬਾ ਗੁਰਦਿਆਲ ਸਿੰਘ ਕਾਲੇਕੇ ਵਾਲੇ, ਸੰਤ ਬਾਬਾ ਕਵਲਜੀਤ ਸਿੰਘ ਨਾਗੀਆਨ ਸਾਹਿਬ ਵਾਲੇ, ਸੰਤ ਬਾਬਾ ਨਵਤੇਜ ਸਿੰਘ ਚੇਲੇਆਨਾ ਸਾਹਿਬ ਵਾਲੇ, ਜਥੇਦਾਰ ਭਗਵੰਤ ਸਿੰਘ ਸਿਆਲਕਾ,ਆਗਿ ਸੰਤ ਮਹਾਪੁਰਖ ਅਤੇ ਦੇਸ਼ਾਂ ਵਿਦੇਸਾਂ ਇਲਾਕੇ ਦੀਆਂ ਸੰਗਤਾਂ ਨੇ ਹਾਜਰੀ ਭਰੀਆਂ, ਇਸ ਮੌਕੇ ਤੇ ਐਨ ਆਰ ਆਈ ਵੀਰਾ ਵੱਲੋਂ ਆਈਸ ਕਰੀਮ, ਮਿੱਠੀ ਲੱਸੀ, ਠੰਡਿਆ ਦੇ ਲੰਗਰ ਲਾਏ ਗਏ। ••

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਸੇਫ ਸਕੂਲ ਵਾਹਨ ਪਾਲਿਸੀ ਤਹਿਤ ਸਕੂਲੀ ਵਾਹਨਾਂ ਦੀ ਕੀਤੀ ਚੈਕਿੰਗ

# ਉਲੰਘਣਾ ਕਰਨ ਵਾਲੇ 30 ਸਕੂਲੀ ਵਾਹਨਾਂ ਦੇ ਚਲਾਨ ਕੱਟੇ




**ਫ਼ਿਰੋਜ਼ਪੁਰ, 23 ਅਗਸਤ (ਸੁਖਮੰਦਰ ਸਿੰਘ ਸ਼ਾਤ)**-ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਹੁਕਮਾਂ ਤਹਿਤ ਅਤੇ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਆਈ.ਏ.ਐਸ. ਦੇ ਦਿਸ਼ਾ-ਨਿਰਦੇਸ਼ ਅਨੁਸਾਰ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਫ਼ਿਰੋਜ਼ਪੁਰ ਵੱਲੋਂ ਟਾਸਕ ਫੋਰਸ ਟੀਮ ਦੇ ਮੈਬਰਾਂ ਦੇ ਸਹਿਯੋਗ ਨਾਲ ਸਾਂਝੇ ਤੌਰ 'ਤੇ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਫ਼ਿਰੋਜ਼ਸ਼ਾਹ, ਮੁੱਦਕੀ ਅਤੇ ਤਲਵੰਡੀ ਭਾਈ ਵਿਖੇ ਵੱਖ-ਵੱਖ ਸਕੂਲ ਵਾਹਨਾਂ ਦੀ ਚੈਕਿੰਗ ਕੀਤੀ ਗਈ। ਇਸ ਮੌਕੇ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਸ਼ਰਤਾਂ ਪੂਰੀਆਂ ਨਾ ਕਰਨ ਵਾਲੇ 30 ਸਕੂਲੀ ਵਾਹਨਾਂ ਦੇ ਚਲਾਨ ਕੱਟੇ ਗਏ। ਇਸ ਮੌਕੇ ਏ.ਟੀ.ਓ. ਰਾਕੇਸ਼ ਕੁਮਾਰ ਵੱਲੋਂ ਸਕੂਲੀ ਵਾਹਨਾਂ ਦੇ ਡਰਾਈਵਰਾਂ ਨੂੰ ਇਹ ਗੱਲ ਸਪੱਸ਼ਟ ਕੀਤੀ ਗਈ ਕਿ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਸ਼ਰਤਾਂ ਪੂਰੀਆ ਨਾ ਕਰਨ ਵਾਲੇ ਵਾਹਨਾਂ ਨੂੰ ਬਖਸ਼ਿਆ ਨਹੀਂ ਜਾਵੇਗਾ ਤੇ ਬਣਦੀ ਕਾਨੂੰਨੀ ਕਾਰਵਾਈ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਵੱਲੋਂ ਸਮੇਂ-ਸਮੇਂ 'ਤੇ ਸਕੂਲ ਦੇ ਪ੍ਰਿੰਸੀਪਲ ਅਤੇ ਸਕੂਲ ਵਾਹਨਾਂ ਦੇ ਡਰਾਇਵਰਾਂ ਨੂੰ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਹਦਾਇਤਾਂ ਜਿਵੇ ਕਿ ਸੀ.ਸੀ.ਟੀ.ਵੀ ਕੈਮਰਾ, ਖਿੜਕੀ ਤੇ ਲੋਹੇ ਦੀ ਗਰਿੱਲ, ਫਸਟ ਏਡ ਬਾਕਸ, ਲੇਡੀ ਕਡੰਕਟਰ ਆਦਿ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ। ਇਸ ਤੋਂ ਇਲਾਵਾ ਸਕੂਲ ਵਾਹਨ ਦੇ ਡਰਾਇਵਰਾਂ ਕੋਲ ਵਾਹਨ ਦੇ ਕਾਗਜ਼ਾਤ ਵੀ ਪੂਰੇ ਹੋਣੇ ਚਾਹੀਦੀ ਹਨ ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਪ੍ਰਕਾਰ ਦੀ ਸਮੱਸਿਆਵਾਂ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਬੱਚਿਆਂ ਦੀ ਸੁਰੱਖਿਆ ਵਿੱਚ ਕਿਸੇ ਕਿਸਮ ਦੀ ਅਣਗਹਿਲੀ ਬਿਲਕੁਲ ਵੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਮੌਕੇ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਤੋਂ ਸ੍ਰੀ ਸਤਨਾਮ ਸਿੰਘ, ਰਮਨ ਕੁਮਾਰ ਟ੍ਰੈਫ਼ਿਕ ਇੰਚਾਰਜ, ਹਰਪਿੰਦਰ ਸਿੰਘ ਟ੍ਰੈਫ਼ਿਕ ਇੰਚਾਰਜ, ਦੀਪਕ ਕੁਮਾਰ ਜ਼ਿਲ੍ਹਾ ਸਿੱਖਿਆ ਦਫ਼ਤਰ, ਪੰਜਾਬ ਰੋਡਵੇਜ਼ ਤੋਂ ਨਿਰਦੋਸ਼ ਕੁਮਾਰ ਤੇ ਅੰਕੁਸ਼ ਆਦਿ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਪ੍ਰਧਾਨ ਮੰਤਰੀ ਸੁਰੱਖਿਅਤ ਮਾਤਰੀਤਵ ਅਭਿਆਨ ਤਹਿਤ

# ਗਰਭਵਤੀ ਮਹਿਲਾਵਾਂ ਨੂੰ ਤੰਦਰੁਸਤ ਰਹਿਣ ਦੇ ਨੁਕਤੇ ਕੀਤੇ ਸਾਂਝੇ



**ਫ਼ਿਰੋਜ਼ਪੁਰ, 23 ਅਗਸਤ (ਸੁਖਮੰਦਰ ਸਿੰਘ ਸ਼ਾਤ)**-ਮਾਂ ਜੇਕਰ ਤੰਦਰੁਸਤ ਹੋਵੇਗੀ ਤਾਂ ਹੀ ਉਸਦਾ ਬੱਚਾ ਸਿਹਤ ਪੱਖੋਂ ਨਿਰੋਗ ਅਤੇ ਸਿਹਤਮੰਦ ਹੋਵੇਗਾ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਡਾ. ਰੀਚਾ ਧਵਨ ਗਇਨੇਕੋਲੋਜਿਸਟ ਵੱਲੋਂ ਸਿਵਲ ਹਸਪਤਾਲ ਵਿਖੇ ਪ੍ਰਧਾਨ ਮੰਤਰੀ ਸੁਰੱਖਿਅਤ ਮਾਤਰੀਤਵ ਅਭਿਆਨ ਤਹਿਤ ਗਰਭਵਤੀ ਮਹਿਲਾਵਾਂ ਨੂੰ ਸੁਰੱਖਿਅਤ ਜਣੇਪੇ ਤੇ ਤੰਦਰੁਸਤ ਰਹਿਣ ਦੇ ਨੁਕਤੇ ਸਾਂਝੇ ਕਰਦਿਆਂ ਕੀਤਾ।

> ☛ ਸਿਹਤ ਪੱਖੋਂ ਤੰਦਰੁਸਤ ਮਾਂ ਹੀ ਦੇ ਸਕਦੀ ਹੈ ਸਿਹਤਮੰਦ ਬੱਚੇ ਨੂੰ ਜਨਮ - ਡਾ. ਰੀਚਾ ਧਵਨ
> ☛ ਸਰਕਾਰੀ ਹਸਪਤਾਲਾਂ ਵਿਚ 1 ਸਾਲ ਤੱਕ ਦੇ ਲੜਕੇ ਅਤੇ 5 ਸਾਲ ਤੱਕ ਦੀਆਂ ਲੜਕੀਆਂ ਦਾ ਹੁੰਦਾ ਹੈ ਮੁਫ਼ਤ ਇਲਾਜ - ਸੰਜੀਵ ਕੁਮਾਰ
> ☛ ਛੇ ਮਹੀਨੇ ਤੱਕ ਮਾਂ ਦਾ ਦੁੱਧ ਹੀ ਬੱਚੇ ਲਈ ਮੁਕੰਮਲ ਖੁਰਾਕ- ਨੇਹਾ ਭੰਡਾਰੀ

ਆਵਾਜ਼ਿ ਕੌਮ AWAZE QAUM International Newspaper & WEB TV

ਡਾ. ਰਾਜਵਿੰਦਰ ਕੌਰ ਸਿਵਲ ਸਰਜਨ ਫਿਰੋਜ਼ਪੁਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਲਗਾਏ ਗਏ ਇਸ ਜਾਗਰੂਕਤਾ ਕੈਂਪ ਵਿੱਚ ਸੰਜੀਵ ਕੁਮਾਰ ਮਾਸ ਮੀਡੀਆ ਅਫਸਰ, ਨੇਹਾ ਭੰਡਾਰੀ ਤੇ ਅੰਕੁਸ਼ ਭੰਡਾਰੀ ਡਿਪਟੀ ਮਾਸ ਮੀਡੀਆ ਅਫ਼ਸਰ ਨੇ ਗਰਭਵਤੀ ਔਰਤਾਂ ਤੇ ਲੋਕਾਂ ਨੂੰ ਜਾਗਰੂਕ ਕੀਤਾ।

ਇਸ ਮੌਕੇ ਡਾਕਟਰ ਰੀਚਾ ਧਵਨ ਨੇ ਕਿਹਾ ਕਿ ਗਰਭਵਤੀ ਔਰਤ ਨੂੰ ਬੱਚੇ ਦੀ ਤੰਦਰੁਸਤੀ ਲਈ ਜਿਥੇ ਆਪਣੀ ਸਿਹਤ ਵੱਲ ਉਚੇਚਾ ਧਿਆਨ ਦੇਣਾ ਚਾਹੀਦਾ ਹੈ, ਉਥੇ ਬੱਚੇ ਦੇ ਜਨਮ ਤੋਂ ਛੇ ਮਹੀਨੇ ਤੱਕ ਅਪਣੇ ਦੁੱਧ ਨਾਲ ਪਾਲਣ ਕਰਨਾ ਚਾਹੀਦਾ ਹੈ, ਜੋ ਬੱਚੇ ਲਈ ਅੰਮ੍ਰਿਤ ਵਾਂਗ ਸਾਬਤ ਹੁੰਦਾ ਹੈ। ਗਰਭਵਤੀ ਮਹਿਲਾਵਾਂ ਲਈ ਸਿਹਤ ਵਿਭਾਗ ਵੱਲੋਂ ਜੇ.ਐਸ.ਐਸ.ਕੇ, ਜੇ.ਐਸ.ਵਾਈ. ਸਮੇਤ ਕਈ ਸਿਹਤਪੱਖੀ ਸਕੀਮਾਂ ਚਲਾਈਆਂ ਗਈਆਂ ਹਨ ਜਿਸ ਤਹਿਤ ਸਰਕਾਰੀ ਹਸਪਤਾਲਾਂ ਵਿੱਚ ਮੁਫਤ ਇਲਾਜ ਤੇ ਜਣੇਪੇ ਦੀ ਸਹੂਲਤ ਪ੍ਰਦਾਨ ਕੀਤੀ ਗਈ ਹੈ।

ਸੰਜੀਵ ਕੁਮਾਰ ਮਾਸ ਮੀਡੀਆ ਅਫਸਰ ਨੇ ਕਿਹਾ ਕਿ ਸਿਵਲ ਹਸਪਤਾਲਾਂ ਵਿਚ ਗਰਭਵਤੀ ਔਰਤ ਨੂੰ ਜਿਥੇ ਰਾਜ ਸਰਕਾਰ ਵੱਲੋਂ 108 ਨੰਬਰ ਐਂਬੂਲੈਂਸ ਰਾਹੀਂ ਲਿਆਉਣ ਤੇ ਲਿਜਾਣ ਦੀ ਸੁਵਿਧਾ ਹੈ, ਉੱਥੇ ਹੀ ਡਲੀਵਰੀ ਕੇਸ ਵੀ ਮੁਫਤ ਵਿਚ ਕਰਨ ਦੇ ਨਾਲ-ਨਾਲ ਰਹਿਣ-ਸਹਿਣ ਦਾ ਵੀ ਪ੍ਰਬੰਧ ਕੀਤਾ ਜਾਂਦਾ ਹੈ। ਸਿਵਲ ਹਸਪਤਾਲਾਂ ਵਿਚ ਡਲੀਵਰੀ ਕਰਵਾਉਣ ਵਾਲੀ ਔਰਤ ਦਾ ਮਾਹਿਰ ਡਾਕਟਰਾਂ ਤੋਂ ਇਲਾਜ ਅਤੇ ਮੁਫਤ ਦਵਾਈਆਂ ਤੇ ਖਾਣਾ ਮੁਹੱਈਆ ਕਰਵਾਇਆ ਜਾਂਦਾ ਹੈ ਤਾਂ ਜੋ ਪਰਿਵਾਰ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਪੇਸ਼ ਨਾ ਆਵੇ।

ਇਸ ਮੌਕੇ ਅੰਕੁਸ਼ ਭੰਡਾਰੀ ਨੇ ਦੱਸਿਆ ਕਿ ਸਿਵਲ ਹਸਪਤਾਲਾਂ ਵਿਚ ਸੁਰੱਖਿਅਤ ਜਣੇਪੇ ਅਤੇ ਹੋਰ ਇਲਾਜ ਲਈ ਲਈ ਪੂਰੇ ਪ੍ਰਬੰਧ ਹਨ। ਉਨ੍ਹਾਂ ਕਿਹਾ ਕਿ ਸਰਕਾਰੀ ਹਸਪਤਾਲਾਂ ਵਿਚ ਮਾਹਿਰ ਡਾਕਟਰਾਂ ਵੱਲੋਂ ਆਧੁਨਿਕ ਮਸ਼ੀਨਾਂ ਨਾਲ ਮਰੀਜਾਂ ਦਾ ਚੈਕਅਪ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਬਹੁਤੀਆਂ ਬਿਮਾਰੀਆਂ ਦੀ ਦਵਾਈ ਸਿਵਲ ਹਸਪਤਾਲ ਵਿਚੋਂ ਮੁਫਤ ਦੇ ਕੇ ਮਰੀਜ ਨੂੰ ਬਚਾਉਣ ਦਾ ਹਰ ਉਪਰਾਲਾ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਸਰਕਾਰੀ ਹਸਪਤਾਲ ਵਿਚ 1 ਸਾਲ ਤੱਕ ਦੇ ਲੜਕੇ ਅਤੇ 5 ਸਾਲ ਤੱਕ ਦੀਆਂ ਲੜਕੀਆਂ ਦਾ ਮੁਫ਼ਤ ਇਲਾਜ ਕੀਤਾ ਜਾਂਦਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਸਰਕਾਰੀ ਸਹੂਲਤਾਂ ਦਾ ਵੱਧ ਤੋਂ ਵੱਧ ਲਾਹਾ ਲੈ ਕੇ ਸਿਹਤਮੰਤ ਸਮਾਜ ਦੀ ਸਿਰਜਨਾ ਵਿਚ ਆਪਣਾ ਯੋਗਦਾਨ ਪਾਉਣ। ਇਕ ਤੋਂ ਦੂਸਰੇ ਬੱਚੇ ਦੀ ਪਲਾਨਿੰਗ ਵਿਚ 3 ਸਾਲ ਦਾ ਫਰਕ ਹੋਣਾ ਚਾਹੀਦਾ ਹੈ। ਔਰਤ ਨੂੰ 20 ਤੋਂ 35 ਸਾਲ ਤੱਕ ਦੀ ਉਮਰ ਵਿਚ ਹੀ ਗਰਭਧਾਰਨ ਕਰਨਾ ਚਾਹੀਦਾ ਹੈ, ਜੋ ਬੱਚੇ ਤੇ ਮਾਂ ਲਈ ਸਹੀ ਸਿੱਧ ਹੁੰਦਾ ਹੈ। ਇਸ ਮੌਕੇ ਪੈਰਾ ਮੈਡੀਕਲ ਸਟਾਫ਼ ਅਤੇ ਗਰਭਵਤੀ ਔਰਤਾਂ ਤੇ ਆਮ ਲੋਕ ਮੌਜੂਦ ਸਨ।

# ਦਸਮੇਸ਼ ਹੈਰੀਟੇਜ ਸਕੂਲ, ਮਹਿਤਾ ਚੌਕ ਨੇ ਫਿਰ ਮਾਰੀਆ ਮੱਲਾਂ, ਹਾਸਿਲ ਕੀਤੀ ਪਹਿਲੀ ਪੁਜੀਸ਼ਨ



**ਚੌਕ ਮਹਿਤਾ, 23 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਟਾਲਵਾਰਟ ਇੰਟਰਨੈਸ਼ਲ ਸਕੂਲ, ਬਟਾਲਾ ਵਿਖੇ ਹੋਏ ਬਟਾਲਾ ਜ਼ੋਨ ਇੰਟਰ ਸਕੂਲ ਡੈਕਲਾਮੈਸ਼ਨ ਕੰਪੀਟੀਸ਼ਨ ਵਿੱਚ ਬਟਾਲਾ ਦੇ ਅੰਦਰ ਆਉਂਦੇ ਮਾਨਤਾ ਪ੍ਰਾਪਤ ਆਈ ਸੀ ਐਸ ਈ ਬੋਰਡ ਸਕੂਲਾਂ ਦੇ ਬੱਚਿਆਂ ਨੇ ਹਿੱਸਾ ਲਿਆ। ਸਕੂਲ ਵਿੱਚ ਪੜਦੀ ਨੌਵੀਂ ਜਮਾਤ ਦੀ ਵਿਦਿਆਰਥਣ ਵੈਸ਼ਾਲੀ ਸ਼ਰਮਾ ਨੇ ਦਸ਼ਮੇਸ਼ ਹੈਰੀਟੇਜ ਪਬਲਿਕ ਸਕੂਲ ਵੱਲੋਂ ਇਸ ਕੰਪੀਟੀਸ਼ਨ ਵਿੱਚ ਭਾਗ ਲਿਆ। ਜਿਸ ਵਿੱਚ ਉਸਨੇ ਵਿਸ਼ਵ ਪ੍ਰਸਿੱਧ ਸਖਸੀਅਤ ਮੁਨੀਬਾ ਮਜ਼ਾਰਾ ਉੱਪਰ ਆਪਣਾ ਭਾਸ਼ਣ ਦੇ ਕੇ ਆਪਣੀ ਬੋਲਣ ਦੀ ਕਲਾ ਦਾ ਜੌਹਰ ਦਿਖਾ ਕੇ ਇਸ ਕੰਪੀਟੀਸ਼ਨ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਕੇ ਆਪਣੇ ਸਕੂਲ ਦਾ ਨਾਮ ਰੌਸ਼ਨ ਕੀਤਾ। ਸਕੂਲ ਦੇ ਚੇਅਰਮੈਨ ਪਿੰਸੀਪਲ ਗੁਰਦੀਪ ਸਿੰਘ ਰੰਧਾਵਾ ਅਤੇ ਡਾਇਰੈਕਟਰ ਮਨਪ੍ਰੀਤ ਸਿੰਘ ਟੱਕਰ ਨੇ ਬੱਚੇ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਸਕੂਲ ਹਰ ਕੰਪੀਟੀਸ਼ਨ ਵਿੱਚ ਭਾਗ ਲੈ ਰਿਹਾ ਹੈ। ਹੁਣ ਤੱਕ ਤਿੰਨ ਕੰਪੀਟੀਸ਼ਨ ਹੋ ਚੁੱਕੇ ਹਨ। ਜਿਨ੍ਹਾਂ ਵਿੱਚੋਂ ਦੋ ਕੰਪੀਟੀਸ਼ਨ ਵਿੱਚ ਸਕੂਲ ਨੇ ਟੌਪ ਪੁਜੀਸ਼ਨਾਂ ਹਾਸਿਲ ਕਰਕੇ ਆਪਣੇ ਇਲਾਕੇ ਦਾ ਮਾਣ ਵਧਇਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਭਾਈ ਹਰਪਾਲ ਸਿੰਘ ਭੁੱਲਰ ਦੇ ਅਚਾਨਕ ਅਕਾਲ ਚਲਾਣੇ ਤੇ ਦੇਸ਼-ਵਿਦੇਸ਼ ਦੀ ਸੰਗਤ ਕਰ ਰਹੀ ਏ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ : ਜਗਜੀਤ ਸਿੰਘ ਭੁੱਲਰ



**ਫ਼ਿਰੋਜ਼ਪੁਰ, 23 ਅਗਸਤ (ਮਨੋਹਰ ਲਾਲ)** :— ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਦੇ ਪ੍ਰਧਾਨ ਸਰਦਾਰ ਹਰਪਾਲ ਸਿੰਘ ਭੁੱਲਰ ਦੇ ਅਕਾਲ ਚਲਾਣੇ ਨਾਲ ਵਿਸ਼ਵ ਭਰ ਵਿਚ ਸੋਗ ਦੀ ਲਹਿਰ ਦੌੜ ਗਈ ਹੈ। ਇਸ ਸਬੰਧੀ ਵਿਚਾਰਾਂ ਸਾਂਝੀਆਂ ਕਰਦਿਆਂ ਹਰਪਾਲ ਸਿੰਘ ਭੁੱਲਰ ਦੇ ਲੜਕੇ ਅਤੇ ਸੁਸਾਇਟੀ ਦੇ ਆਗੂ ਜਗਜੀਤ ਸਿੰਘ ਭੁੱਲਰ ਨੇ ਕਿਹਾ ਕਿ ਸ: ਹਰਪਾਲ ਸਿੰਘ ਭੁੱਲਰ ਦੇ ਅਚਾਨਕ ਅਕਾਲ ਚਲਾਣੇ ਨਾਲ ਇੰਗਲੈਂਡ, ਸਿੰਘਾਪੁਰ, ਅਮਰੀਕਾ, ਕੈਨੇਡਾ, ਐਸਟਰੇਲੀਆ ਅਤੇ ਪਾਕਿਸਤਾਨ ਤੋਂ ਉਨ੍ਹਾਂ ਦੇ ਚਾਹੁਣ ਵਾਲਿਆਂ ਦੇ ਫੋਨ ਆ ਰਹੇ ਹਨ ਅਤੇ ਉਹ ਇਸ ਵਿਛੋੜੇ ਤੇ ਸ਼ੋਕ ਸੰਦੇਸ਼ ਵੀ ਭੇਜ਼ ਰਹੇ ਹਨ। ਉਨ੍ਹਾਂ ਕਿਹਾ ਕਿ ਸ੍ਰੀ ਹਰਪਾਲ ਸਿੰਘ ਭੁੱਲਰ ਬਹੁਤ ਹਿਮਤੀ ਅਤੇ ਨੇਕ ਸੁਭਾਅ ਦੇ ਮਾਲਕ ਸਨ, ਉਹ ਇਕ ਚਲਦੀ ਫਿਰਦੀ ਸੰਸਥਾ ਸਨ, ਜਿਨ੍ਹਾਂ ਸੁਸਾਇਟੀ ਆਗੂਆਂ ਨੂੰ ਨਾਲ ਲੈ ਕੇ ਸੰਸਥਾ ਨੂੰ ਵਿਸ਼ਵ ਪੱਧਰ ਉਪਰ ਲਿਆਂਦਾ। ਗੱਲਬਾਤ ਕਰਦਿਆਂ ਜਗਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਭੁੱਲਰ ਸਾਹਿਬ ਨੂੰ ਵੈਸੇ ਤਾਂ ਬਹੁਤ ਸੱਜਣਾਂ—ਮਿੱਤਰਾਂ ਨੇ ਸਹਿਯੋਗ ਦਿੱਤਾ, ਪਰ ਸ: ਸਰਬਜੀਤ ਸਿੰਘ ਛਾਬੜਾ, ਸੋਹਣ ਸਿਘਘ, ਹਰੀਪਾਲ ਸਿੰਘ ਸਰਾਂਅ, ਬਲਦੇਵ ਸਿੰਘ ਮੇਹਰੋ, ਜਤਿੰਦਰ ਸਿੰਘ, ਸਵਰਨ ਸਿੰਘ, ਮੋਹਣ ਸਿੰਘ, ਗੁਰਜੀਤ ਸਿੰਘ ਵਿਰਕ, ਹਰਜੀਤ ਸਿੰਘ, ਹਰਜੀਤ ਸਿੰਘ ਧਾਲੀਵਾਲ ਆਦਿ ਮੈਂਬਰਾਂ ਦਾ ਕਾਫੀ ਸਹਿਯੋਗ ਰਿਹਾ। ਸ੍ਰੀ ਜਗਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਆਪਣੀ 75 ਸਾਲ ਦੀ ਜਿੰਦਗੀ ਸ੍ਰੀ ਭੁੱਲਰ ਨੇ ਬਹੁਤ ਹੀ ਸੋਹਣੀ ਜੀਅ ਕੇ ਗਏ ਹਨ, ਸਦਾ ਹਰ ਕਿਸੀ ਦਾ ਭਲਾ ਕਰਨਾ ਉਨ੍ਹਾਂ ਦੀ ਫਿਤਰਤ ਸੀ, ਜਿਸ ਕਰਕੇ ਇਕ ਵਾਰ ਮਿਲਣ ਵਾਲਾ ਉਨ੍ਹਾਂ ਨਾਲ ਸਕਿਆਂ ਵਾਂਗ ਵਰਤਦਾ ਸੀ। ਉਨ੍ਹਾਂ ਕਿਹਾ ਕਿ ਸ੍ਰੀ ਭੁੱਲਰ ਅਕਸਰ ਹੀ ਸਰਬਜੀਤ ਸਿੰਘ ਛਾਬੜਾ, ਸੋਹਣ ਸਿੰਘ, ਸਵਰਨ ਸਿੰਘ, ਜਤਿੰਦਰ ਸਿੰਘ ਨੂੰ ਆਪਣਾ ਭਰਾ ਮੰਨਦੇ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਵਿਰਾਸਤੀ ਪੈੜਾਂ ਪ੍ਰੋਗਰਾਮ ਵਿਚ ਇੰਸਪੈਕਟਰ ਅਮਨਪ੍ਰੀਤ ਕੌਰ ਹੋਏ ਸਨਮਨਿਤ



ਫ਼ਿਰੋਜ਼ਪੁਰ, 23 ਅਗਸਤ (ਮਨੋਹਰ ਲਾਲ) :— ਪੰਜਾਬ ਪਬਲਿਕ ਸਕੂਲ ਬਸਤੀ ਨੱਥੇ ਸ਼ਾਹ ਵਿਖੇ ਸਕੂਲ ਦੀਆਂ ਵਿਦਿਆਰਥਣਾਂ ਅਤੇ ਸਮੂਹ ਸਟਾਫ ਵੱਲੋਂ ਪ੍ਰੋਗਰਾਮ ਵਿਰਾਸਤੀ ਪੈੜਾਂ 2024 ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸਕੂਲ ਦੀਆਂ ਵਿਦਿਆਰਥਣਾ ਵੱਲੋਂ ਗਿੱਧਾ, ਭੰਗੜਾ, ਬਾਜੀਗਰ ਗਿੱਧਾ, ਚਿੜੀਆਂ ਦਾ ਚੰਬਾ, ਘੋੜੀਆਂ, ਸੁਹਾਗ ਅਤੇ ਸਿੱਠਣੀਆਂ ਆਦਿ ਦੀ ਸਫਲਤਾਪੂਰਵਕ ਪੇਸ਼ਕਾਰੀ ਕੀਤੀ ਗਈ। ਇਸ ਮੌਕੇ ਪੰਜਾਬੀ ਸੱਭਿਆਚਾਰ ਨਾਲ ਸਬੰਧਤ ਸਾਜੋ ਸਮਾਨ ਨਾਲ ਪੂਰੇ ਸਕੂਲ ਦਾ ਵਿਹੜਾ ਪੁਰਾਤਨ ਪੰਜਾਬੀ ਸੱਭਿਆਚਾਰ ਦੀ ਝਲਕ ਪੇਸ਼ ਕਰ ਰਿਹਾ ਸੀ। ਪ੍ਰੋਗਰਾਮ ਵਿਚ ਡਿਪਟੀ ਰਜਿਸਟਰਾਰ ਸੰਧਿਆ ਸ਼ਰਮਾਂ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ। ਮੁੱਖ ਮਹਿਮਾਨ ਨੇ ਆਪਣੇ ਸੰਬੋਧਨ ਵਿੱਚ ਸਕੂਲ ਵੱਲੋਂ ਕਰਵਾਏ ਪ੍ਰੋਗਰਾਮ ਦੀ ਸ਼ਲਾਘਾ ਕੀਤੇ ਅਤੇ ਪੰਜਾਬੀ ਵਿਰਸੇ ਦੀ ਸੰਭਾਲ ਕਰਨ ਲਈ ਸਮੂਹ ਵਿਦਿਆਰਥੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਸਕੂਲ ਦੇ ਪ੍ਰਬੰਧਕ ਆਗੂਆਂ ਵੱਲੋਂ ਪ੍ਰੋਗਰਾਮ ਵਿਚ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ ਅਮਨਪ੍ਰੀਤ ਕੌਰ ਇੰਸਪੈਕਟਰ ਸਹਿਕਾਰੀ ਸਭਾਵਾਂ ਨੂੰ ਫੁਲਕਾਰੀ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਇੰਸਪੈਕਟਰ ਸੋਨੀਆਂ ਸਹਿਕਾਰੀ ਸਭਾਵਾਂ, ਰਾਜਨ ਚੌਧਰੀ ਇੰਸਪੈਕਟਰ ਸਹਿਕਾਰੀ ਸਭਾਵਾਂ, ਗੁਰਦੇਵ ਸਿੰਘ ਸਿੱਧੂ ਸਾਬਕਾ ਸੂਬਾ ਪ੍ਰਧਾਨ ਸਹਿਕਾਰੀ ਕੋਆਪ੍ਰੇਟਿਵ ਮੁਲਾਜ਼ਮ ਯੂਨੀਅਨ ਪੰਜਾਬ, ਰਣਬੀਰ ਕੌਰ ਐਸ.ਏ, ਸੰਦੀਪ ਕੌਰ ਤੇ ਸੁਖਜਿੰਦਰ ਕੌਰ, ਗੁਰਮੀਤ ਸਿੰਘ ਸਕੱਤਰ, ਸੁਧਾ ਅਤੇ ਸਾਹਿਬ ਸਿੰਘ ਸੁਪਰਡੈਂਟ ਆਦਿ ਆਗੂ ਹਾਜਰ ਸਨ। ਸਕੂਲ ਪ੍ਰਿੰਸੀਪਲ ਕੁਲਦੀਪ ਸਿੰਘ ਨੇ ਆਏ ਪਤਵੰਤਿਆਂ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

### ਅਮਰਜੈਂਸੀ ਫਿਲਮ ਦਾ

# ਸਿੱਖ ਜਥੇਬੰਦੀਆਂ ਕਰਨਗੀਆਂ ਵਿਰੋਧ



**ਫ਼ਿਰੋਜ਼ਪੁਰ, 23 ਅਗਸਤ (ਮਨੋਹਰ ਲਾਲ) :—** ਸਰਬੱਤ ਦਾ ਭਲਾ ਮੰਗਣ ਵਾਲੀ ਸਿੱਖ ਕੌਮ ਅਤੇ ਪੂਰੇ ਭਾਰਤ ਦਾ ਢਿੱਡ ਕਰਨ ਵਾਲੀ ਕੌਮ ਦੇ ਬਰਖਿਲਾਫ ਕਦੇ ਟੀ.ਵੀ ਚੈਨਲਾਂ ਰਾਹੀਂ ਕਦੇ ਵੱਡੇ ਪਰਦੇ ਦੀਆਂ ਫਿਲਮਾਂ ਰਾਹੀਂ ਸਿੱਖਾਂ ਦਾ ਮਜਾਕ ਉਡਾਇਆ ਜਾਂਦਾ ਹੈ, ਜਦ ਕਿ ਸਾਰੀ ਦੁਨਿਆਂ ਜਾਣਦੀ ਹੈ ਕਿ ਸਿੱਖ ਸੱਚਮੁੱਚ ਦੇ ਅਸਲੀ ਹੀਰੋ ਹਨ, ਪਰ ਕੁਝ ਲੋਕ ਫੌਕੀ ਸ਼ੌਹਰਤ ਲਈ ਸਮੇਂ—ਸਮੇਂ ਤੇ ਆਵਦੀਆਂ ਹਰਕਤਾਂ ਤੋਂ ਬਾਜ ਨਹੀਂ ਆਉਂਦੇ, ਬਾਅਦ ਵਿਚ ਸਿੱਖਾਂ ਦਾ ਗੁੱਸਾ ਵੇਖ ਕੇ ਗੁਆਂਢੀਆਂ ਤੇ ਉੱਤਰ ਆਉਂਦੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਏਕਨੂਰ ਖਾਲਸਾ ਫੌਜ਼ ਦੇ ਜ਼ਿਲ੍ਹਾ ਪ੍ਰਧਾਨ ਭਾਈ ਹਿੰਮਤ ਸਿੰਘ ਖਾਲਸਾ ਨੇ ਕਰਦਿਆਂ ਕਿਹਾ ਕਿ ਹਮੇਸ਼ਾ ਊਲ ਜਲੂਲ ਬੋਲ ਕੇ ਚਰਚਾ ਵਿਚ ਰਹਿਣ ਵਾਲੀ ਹਿਮਾਚਲ ਤੋਂ ਕੰਗਣਾ ਰਣੌਤ ਨੇ ਜ਼ੋ ਕਿ ਇਸ ਟਾਇਮ ਸੰਸਦ ਮੈਂਬਰ ਹਨ, ਨੇ ਸਿੱਖਾਂ ਨੂੰ ਚੜਾਉਣ ਲਈ ਐਮਰਜੈਂਸੀ ਨਾਮ ਦੀ ਫਿਲਮ ਬਣਾ ਕੇ ਸਿੱਖਾਂ ਨੂੰ ਫਿਲਮ ਵਿਚ ਅੱਤਵਾਦੀ, ਵੱਖਵਾਦੀ, ਖਾਲਸਤਾਨੀ ਵਿਖਾ ਕੇ ਸਿੱਖਾਂ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ ਹੈ, ਜਦ ਕਿ ਸਿੱਖ ਸਿਧਾਂਤਵਾਦੀ ਹੈ, ਸਿੱਖ ਸ਼ਾਂਤੀ ਪਸੰਦ ਕੌਮ ਹੈ, ਅਮਨ ਨਾਲ ਰਹਿਣਾ ਪਸੰਦ ਕਰਦੀ ਹੈ, ਪਰ ਜਾਣਬੁੱਝ ਕੇ ਸਿੱਖਾਂ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਅਸੀਂ ਪੁਛਣਾ ਚਾਹੁੰਦੇ ਹਾਂ ਕਿ ਐਮਰਜੈਂਸੀ ਫਿਲਮ ਬਣਾ ਕੇ ਸਿੱਖਾਂ ਦੇ ਕਿਰਦਾਰ ਨੂੰ ਘਟੀਆ ਰੂਪ ਵਿਚ ਪੇਸ਼ ਕਰਕੇ ਕੰਗਣਾ ਰਣੌਤ ਕੀ ਸਿੱਧ ਕਰਨਾ ਚਾਹੁੰਦੀ ਹੈ, ਅਸੀਂ ਸਮੂਹ ਸਿੱਖ ਜਥੇਬੰਦੀਆਂ ਪੰਜਾਬ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਹੱਸਦੇ ਵਸਦੇ ਪੰਜਾਬ ਨੂੰ ਲਾਬੂੰ ਲਾਉਣ ਵਾਲੀ ਐਮਰਜੈਂਸੀ ਫਿਲਮ ਤੇ ਰੋਕ ਲਾਈ ਜਾਵੇ, ਨਹੀਂ ਤਾਂ ਸਮੂਹ ਸਿੱਖ ਜਥੇਬੰਦੀਆਂ ਇਮ ਫਿਲਮ ਨੂੰ ਰੋਕਣਗੀਆਂ। ਉਨ੍ਹਾਂ ਕਿਹਾ ਕਿ ਇਸ ਵਿਵਾਦਤ ਫਿਲਮ ਨੂੰ ਜਿਸ ਵਿਚ ਸਿੱਖਾਂ ਦੇ ਕਿਰਦਾਰ ਨੂੰ ਗਲਤ ਤਰੀਕੇ ਨਾਲ ਪੇਸ਼ ਕੀਤਾ ਗਿਆ ਹੈ, ਨੂੰ ਨਹੀਂ ਚੱਲਣ ਦਿਆਂਗੇ। ਨੰਬਰਦਾਰ ਲਖਬੀਰ ਸਿੰਘ ਪ੍ਰਧਾਨ ਮਹਾਲਮ, ਸਵਰਨ ਸਿੰਘ ਸ਼ਹਿਰੀ ਪ੍ਰਧਾਨ, ਗੁਰਦੇਵ ਸਿੰਘ, ਰਣਧੀਰ ਸਿੰਘ ਮੀਤ ਪ੍ਰਧਾਨ, ਨਿਰਮਲ ਸਿੰਘ ਗੱਟਾ ਬਾਦਸ਼ਾਹ ਪ੍ਰਧਾਨ ਮਖੂ, ਅਵਤਾਰ ਸਿੰਘ ਕੁਲਗੜ੍ਹੀ, ਭਾਈ ਲਾਲ ਸਿੰਘ ਸਰਕਲ ਮਮਦੋਟ, ਸੁਖਮੰਦਰ ਸਿੰਘ ਸਰਕਲ ਮੁੱਦਕੀ ਆਦਿ ਹਾਜ਼ਰ ਸਨ।

# ਬਿਜਲੀ ਮੁਲਾਜ਼ਮਾਂ ਕੀਤੀ ਗੇਟ ਰੈਲੀ



ਫ਼ਿਰੋਜ਼ਪੁਰ, 23 ਅਗਸਤ (ਮਨੋਹਰ ਲਾਲ) :— ਜੁਆਇੰਟ ਫੋਰਮ ਅਤੇ ਏਕਤਾ ਮੰਚ ਵੱਲੋਂ ਸੰਘਰਸ਼ ਪ੍ਰੋਗਰਾਮ ਅਨੁਸਾਰ ਸ਼ਹਿਰੀ ਮੰਡਲ ਫ਼ਿਰੋਜ਼ਪੁਰ ਸਾਹਮਣੇ ਵੱਡੀ ਗਿਣਤੀ ਵਿਚ ਇਕੱਤਰ ਹੋ ਕੇ ਬਿਜਲੀ ਮੁਲਾਜ਼ਮਾਂ ਵੱਲੋਂ ਗੇਟ ਰੈਲੀ ਕੀਤੀ ਗਈ। ਇਸ ਮੌਕੇ ਸ਼ਹਿਰੀ ਡਵੀਜਨ ਅਤੇ ਸਬ ਅਰਬਨ ਡਵੀਜਨ ਦੇ ਸਾਥੀਆਂ ਵੱਲੋਂ ਸ਼ਿਰਕਤ ਕੀਤੀ ਗਈ ਅਤੇ ਗੇਟ ਰੈਲੀ ਦੀ ਪ੍ਰਧਾਨਗੀ ਸੁਖਚੈਨ ਸਿੰਘ ਪ੍ਰਧਾਨ ਵੱਲੋਂ ਕੀਤੀ ਗਈ, ਜਦੋਂ ਕਿ ਰੈਲੀ ਵਿਚ ਸਾਥੀ ਅਸ਼ਵਨੀ ਕੁਮਾਰ, ਸੁਖਚੈਨ ਸਿੰਘ, ਰਜੇਸ਼ ਦੱਤਾ, ਰਕੇਸ਼ ਮੈਣੀ, ਤਰਲੋਚਨ ਸਿੰਘ, ਪ੍ਰਦੀਪ ਕੁਮਾਰ, ਨੰਦ ਲਾਲ ਪੰਜਾਬ ਦੇ ਆਗੂ ਸਤੀਸ਼ ਕੁਮਾਰ, ਗੁਰਮੁੱਖ ਸਿੰਘ, ਸਤਪਾਲ ਸਿੰਘ, ਰਣਵੀਰ ਸਿੰਘ ਆਦਿ ਹਾਜ਼ਰ ਸਨ। ਇਸ ਮੌਕੇ ਬੋਲਦਿਆਂ ਮੁਲਾਜ਼ਮ ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਅਤੇ ਪਾਵਰਕੌਮ ਮੈਨੇਜਮੈਂਟ ਨੂੰ 50 ਮੰਗਾਂ ਦਾ ਮੰਗ ਪੱਤਰ ਦਿੱਤਾ ਹੋਇਆ ਹੈ, ਮੁਲਾਜ਼ਮਾਂ ਦੀਆਂ ਮੰਗਾਂ ਨੂੰ ਲਗਾਤਾਰ ਟਾਲ—ਮਟੋਲ ਕੀਤਾ ਜਾ ਰਿਹਾ ਹੈ, ਜਿਸ ਕਰਕੇ ਮੁਲਾਜ਼ਮਾਂ ਨੂੰ ਸੰਘਰਸ਼ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ 21 ਅਗਸਤ ਤੋਂ 31 ਅਗਸਤ 2024 ਤੱਕ ਵਰਕ ਟੂ ਰੂਲ ਲਾਗੂ ਰਹੇਗਾ ਅਤੇ ਸਾਰੇ ਮੁਲਾਜ਼ਮ ਆਪਣੀਆਂ ਬਣਦੀਆਂ ਡਿਊਟੀਆਂ ਕਰਨਗੇ ਅਤੇ ਸਾਰੇ ਮੁਲਾਜ਼ਮ 8 ਘੰਟੇ ਹੀ ਡਿਊਟੀ ਕਰਨਗੇ। ਉਨ੍ਹਾਂ ਕਿਹਾ ਕਿ ਬਿਜਲੀ ਮੁਲਾਜ਼ਮ ਡਿਊਟੀ ਦੌਰਾਨ ਮੋਬਾਇਲ ਫੋਨ ਸੁਣਨਗੇ, ਬਿਜਲੀ ਲਾਈਨਾਂ ਤੇ ਪਰਮਿਟ ਤੋਂ ਬਿਨ੍ਹਾਂ ਕੰਮ ਨਹੀਂ ਕੀਤਾ ਜਾਵੇਗਾ, ਦਫਤਰੀ ਸਟਾਫ ਛੁੱਟੀ ਵਾਲੇ ਦਿਨ ਕੰਮ ਨਹੀਂ ਕਰੇਗਾ, ਡਿਊਟੀਆਂ ਸਮੇਂ ਤੋਂ ਪਹਿਲਾਂ ਅਤੇ ਡਿਊਟੀ ਸਮੇਂ ਤੋਂ ਬਾਅਦ ਵਿਚ ਕਰਮਚਾਰੀ ਬਿਜਲੀ ਚੋਰੀ ਦੀ ਚੈਕਿੰਗ ਨਹੀਂ ਕਰਨਗੇ, ਸਬ ਸਟੇਸ਼ਨਾਂ ਤੇ ਉਪਰ ਕੰਮ ਕਰ ਰਹੇ ਬਿਜਲੀ ਕਰਮਚਾਰੀ ਆਪਣੀ ਬਣਦੀ ਡਿਊਟੀ ਕਰਨਗੇ ਅਤੇ ਰੈਸਟ ਵਾਲੇ ਦਿਨ ਆਪਣੀ ਰੈਸਟ ਹੀ ਕਰਨਗੇ। ਉਨ੍ਹਾਂ ਕਿਹਾ ਕਿ ਜੇਕਰ ਪਾਵਰਕੌਮ ਦੀ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਨੇ ਮੁਲਾਜ਼ਮਾਂ ਦੀਆਂ ਮੰਗਾਂ ਨਾ ਮੰਨੀਆਂ ਤਾਂ ਬਿਜਲੀ ਕਰਮਚਾਰੀ ਸੰਘਰਸ਼ ਨੂੰ ਹੋਰ ਤੇਜ਼ ਕਰਨਗੇ, ਜਿਸ ਦੀ ਸਾਰੀ ਜਿੰਮੇਵਾਰੀ ਸਰਕਾਰ ਅਤੇ ਮੈਨੇਜਮੈਂਟ ਦੀ ਹੋਵੇਗੀ।

## ਮ੍ਰਿਤਕ ਡਾਕਟਰ ਦੇ ਕਾਤਲਾਂ ਨੂੰ ਸਖਤ ਸਜਾ ਦੀ ਮੰਗ

ਫ਼ਿਰੋਜ਼ਪੁਰ, 23 ਅਗਸਤ (ਮਨੋਹਰ ਲਾਲ) :— ਪੰਜਾਬ ਫਾਰੈਸਟ ਪੈਨਸ਼ਨਰਜ਼ ਐਸੋਸੀਏਸ਼ਨ (ਐਡਹਾਕ ਕਮੇਟੀ) ਦੇ ਸੂਬਾ ਪ੍ਰਧਾਨ ਜਗਤਾਰ ਸਿੰਘ,



ਮਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਬਲਬੀਰ ਸਿੰਘ ਢਿੱਲੋਂ ਵਿੱਤ ਸਕੱਤਰ ਜਦੀਪ ਸਿੰਘ ਢਿੱਲੋਂ, ਬਲਵਿੰਦਰ ਸਿੰਘ ਸੰਧੂ, ਰਛਪਾਲ ਸਿੰਘ, ਮਲਕੀਤ ਸਿੰਘ, ਬਲਜੀਤ ਸਿੰਘ ਕੰਗ, ਭਜਨ ਸਿੰਘ ਆਦਿ ਨੇ ਕੋਲਕਾਤਾ ਦੇ ਆਰ.ਜੀ. ਕਰ ਮੈਡੀਕਲ ਕਾਲਜ ਦੀ ਡਾਕਟਰ ਨਾਲ ਹੋਏ ਵੈਹਿਸ਼ੀ ਸਮੂਹਕ ਬਲਾਤਕਾਰ ਅਤੇ ਹੱਤਿਆ ਦੀ ਘਿਨਾਉਣੀ ਘਟਨਾ ਦੀ ਸ਼ਬਦ ਸ਼ਬਦਾਂ ਵਿਚ ਨਿਖੇਧੀ ਕੀਤੀ। ਆਗੂਆਂ ਨੇ ਕਿਹਾ ਕਿ ਵੈਹਿਸ਼ੀ ਹਰਕਤ ਕਰਨ ਵਾਲੇ ਉਕਤ ਮੁਲਜ਼ਮਾਂ ਨੂੰ ਬਿਨ੍ਹਾਂ ਦੇਰੀ ਸਖਤ ਸਜਾਵਾਂ ਦੀਤੀ ਜਾਵੇ। ਉਨ੍ਹਾਂ ਕਿਹਾ ਕਿ ਆਏ ਦਿਨ ਧੀਆਂ—ਭੈਣਾਂ ਨਾਲ ਅਜਿਹੀਆਂ ਘਟਨਾਵਾਂ ਵਾਪਰ ਰਹੀਆਂ ਹਨ ਅਤੇ ਮਾਂ—ਬਾਪ ਆਪਣੀਆਂ ਬੱਚਿਆਂ ਦੇ ਭਵਿੱਖ ਨੂੰ ਲੈ ਕੇ ਚਿੰਤਤ ਹਨ ਅਤੇ ਉਨ੍ਹਾਂ ਨੂੰ ਘਰੋਂ ਬਾਹਰ ਭੇਜਣ ਤੋਂ ਗੁਰੇਜ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰਾਂ ਦਾ ਫਰਜ਼ ਲੋਕਾਂ ਦੀ ਜਾਨ—ਮਾਲ ਦੀ ਰਾਖੀ ਕਰਨਾ ਹੁੰਦਾ ਹੈ। ਅਜਿਹੀਆਂ ਘਟਨਾਵਾਂ ਕਾਰਨ ਲੜਕੀਆਂ ਦਾ ਆਪਣੀ ਪੜ੍ਹਾਈ, ਉੱਖ ਸਿੱਖਿਆ ਅਤੇ ਨੌਕਰੀ ਲਈ ਘਰੋਂ ਨਿਕਲਣਾ ਮੁਸ਼ਿਕਲ ਹੋ ਗਿਆ ਹੈ। ਉਨ੍ਹਾਂ ਸਮੂਹ ਰਾਜਾਂ ਦੀਆਂ ਸਰਕਾਰਾਂ, ਪ੍ਰਸ਼ਾਸਨ, ਪੁਲਿਸ ਪ੍ਰਸ਼ਾਸਨ ਅਤੇ ਰਜਨੀਤੀਕ ਪਾਰਟੀਆਂ ਨੂੰ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਇਕੱਠੇ ਹੋ ਕੇ ਉਪਰਾਲੇ ਕਰਨ ਦੀ ਅਪੀਲ ਕੀਤੀ ਤਾਂ ਜ਼ੋ ਅਜਿਹੇ ਕਾਰੇ ਖਤਮ ਹੋ ਸਕਣ।

## ਕੱਲਕੱਤੇ ਵਿਚ ਹੋਏ ਗੈਗਰੇਪ ਦੇ ਦੋਸ਼ੀਆਂ ਨੂੰ ਦਿੱਤੀ ਜਾਵੇ ਫਾਂਸੀ ਦੀ ਸਜਾ—ਡਾ: ਪਾਲੀ

ਫ਼ਿਰੋਜ਼ਪੁਰ, 23 ਅਗਸਤ (ਮਨੋਹਰ ਲਾਲ) :— ਬੀਤੇ ਦਿਨੀਂ ਡਾਕਟਰ ਲੇਡੀ ਦੀ ਕੱਲਕੱਤੇ ਵਿਚ ਹੋਏ ਗੈਂਗਰੇਪ ਦੇ ਦੋਸ਼ੀਆਂ ਨੂੰ ਵੱਧ ਤੋਂ ਵੱਧ ਸਜਾ ਮੌਤ ਦਿੱਤੀ



ਜਾਵੇ ਤਾਂ ਜ਼ੋ ਭਵਿੱਖ ਵਿਚ ਕੋਈ ਵੀ ਦਰਿੰਦਾ ਇਹੋ ਜਿਹੀ ਘਟਨਾ ਕਰਧ ਤੋਂ ਪਹਿਲਾਂ ਹਜ਼ਾਰਾਂ ਵਰੀ ਸੋਚੇ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਗੁਰਪਾਲ ਸਿੰਘ (ਡਾ: ਪਾਲੀ ਘਾਰੂ) ਸਟੇਟ ਚੀਫ ਸੈਕਟਰੀ ਪੰਜਾਬ ਨੈਸ਼ਨਲ ਕਰਾਈਮ ਕੰਟਰੋਲ ਆਰਗੇਨਾਈਜੇਸ਼ਨ ਨੇ ਅੱਗੇ ਕਿਹਾ ਕਿ ਭਾਰਤ ਦੇਸ਼ ਦੇ ਕਿਸੇ ਵੀ ਹਿੱਸੇ ਵਿਚ ਸਰਕਾਰੀ ਜਾਂ ਪ੍ਰਾਈਵੇਟ ਅਦਾਰਿਆਂ ਵਿਚ ਕੰਮ ਕਰਦੀਆਂ ਲੜਕੀਆਂ ਦੀ ਸੇਫਟੀ ਸੁਰੱਖਿਆ ਯਕੀਨੀ ਬਣਾਈ ਜਾਵੇ, ਸਾਰਿਆਂ ਹਸਪਤਾਲਾਂ ਵਿਚ ਜ਼ਿਲ੍ਹੇ ਇਕ ਪੁਲਿਸ ਚੌਂਕੀ ਹੋਣੀ ਜ਼ਰੂਰੀ ਹੈ ਜਾਂ ਫਿਰ ਸਕਿਉਰਟੀ ਗਾਰਡ ਜ਼ਰੂਰ ਰੱਖੇ ਜਾਣੇ ਚਾਹੀਦੇ ਹਨ ਅਤੇ ਮਾਣਯੋਗ ਡਾਕਟਰ ਸਾਹਿਬਾਨ ਨੂੰ ਵੀ ਬੇਨਤੀ ਕੀਤੀ ਜਾਂਦੀ ਹੈ ਕਿ ਮਰੀਜਾਂ ਦੀ ਦੇਖਭਾਲ ਬਿਨ੍ਹਾਂ ਕਿਸੇ ਭੇਦ—ਭਾਵ ਕੀਤੀ ਜਾਵੇ, ਪੰਜਾਬ ਸਰਕਾਰ ਤੋਂ ਪੁਰਜ਼ੋਰ ਮੰਗ ਹੈ ਕਿ ਹਸਪਤਾਲਾਂ ਵਿਚ ਲੋੜੀਂਦੀਆਂ ਜ਼ਰੂਰਤਾਂ ਵੱਲ ਤੁਰੰਤ ਧਿਆਨ ਦਿੱਤਾ ਜਾਵੇ ਤਾਂ ਜ਼ੋ ਕਿ ਕਿਸੇ ਨੂੰ ਵੀ ਕਿਸੇ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਸਿਵਲ ਹਸਪਤਾਲ ਫ਼ਿਰੋਜ਼ਪੁਰ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ, ਮਰੀਜਾਂ ਨੂੰ ਬੁਨਿਆਦੀ ਸਹੂਲਤ ਪਹਿਲ ਦੇ ਆਧਾਰ ਤੇ ਦਿੱਤੀਆਂ ਜਾਣ।

## ਦਾਣਾਂ ਪਾਣੀ ਤੇ ਕਿਸਮਤ



ਟਰਨ ਛੰਦ
ਜੋ ਕਿਸਮਤ ਦੇ ਵਿੱਚ ਲਿਖਿਆ,
ਛੱਕਣਾਂ ਪੈਂਦਾ ਦਾਣੇ ਨੂੰ।।

1
ਜਹਾਂ ਦਾਣੇ ਤਹਾਂ ਖਾਣੇ ਲਿਖਿਆ
ਵਿੱਚ ਗੁਰਬਾਣੀ ਦੇ।
ਇਹ ਕਿਸਮਤ ਕੈਸੇ ਚੋਗ
ਖਿਲਾਰੇ ਆਪ ਪ੍ਰਾਣੀ ਦੇ।
ਬਾਣੀ ਪਈ ਸਮਝਾਉਂਦੀ
ਆ ਹਰ ਬੱਚੇ ਸਿਆਣੇ ਨੂੰ ।
ਜੋ ਕਿਸਮਤ ਦੇ ਵਿੱਚ ਲਿਖਿਆ
ਛੱਕਣਾਂ ਪੈਂਦਾ ਦਾਣੇ ਨੂੰ ।।

2
ਪੈਂਦਾ ਹੋਣ ਤੋਂ ਪਹਿਲਾਂ ਉਸ ਨੇ
ਚੋਗ ਖਿੰਡਾਈ ਏ।
ਪੱਥਰਾਂ ਦੇ ਵਿੱਚ ਕੀੜਿਆਂ
ਦੀ ਵੀ ਚੋਗ ਰਖਾਈ ਏ।
ਬੁੱਝ ਕੋਈ ਨਾਂ ਸਕਿਆ ਜੀ
ਉਸ ਰੱਬ ਦੇ ਭਾਣੇ ਨੂੰ।
ਜੋ ਕਿਸਮਤ ਦੇ ਵਿੱਚ ਲਿਖਿਆ
ਛੱਕਣਾਂ ਪੈਂਦਾ ਦਾਣੇ ਨੂੰ ।।

3
ਸੱਤ ਸਮੁੰਦਰੋਂ ਪਾਰ ਜਾਕੇ ਵੀ
ਛੱਕਣਾਂ ਪੈਂ ਜਾਂਦਾ ਏ।
ਦਾਣਾਂ ਪਾਣੀ ਖਿੱਚ ਲਿਜਾਵੇ
ਕਿਸੇ ਨੂੰ ਕੋਣ ਖਵਾਂਦਾ ਏ।
ਮਾਰਕੇ ਮੰਜਿਲਾਂ ਪਾਉਣਾ ਪੈਂਦਾ
ਉਸ ਟਿਕਾਣੇ ਨੂੰ ।
ਜੋ ਕਿਸਮਤ ਦੇ ਵਿੱਚ ਲਿਖਿਆ
ਛੱਕਣਾਂ ਪੈਂਦਾ ਦਾਣੇ ਨੂੰ ।।

4
ਲੱਖ ਚੁਰਾਸੀ ਜੂਨਾਂ ਨੂੰ ਉਹ
ਆਪੇ ਪਾਲ ਰਿਹਾ ।
ਜਲਾ ਥਲਾਂ ਵਿੱਚ ਆਪੇ ਸਭ
ਦੀ ਚੋਗ ਖਿਲਾਰ ਰਿਹਾ ।
ਹਰ ਕੋਈ ਸ਼ੁੱਕਰ ਮਨਾਵੇ
ਖਾਕੇ ਉਸਦੇ ਖਾਣੇ ਨੂੰ ।
ਜੋ ਕਿਸਮਤ ਦੇ ਵਿੱਚ ਲਿਖਿਆ
ਛੱਕਣਾਂ ਪੈਂਦਾ ਦਾਣੇ ਨੂੰ ।।

5
ਕਿੱਧਰੇ ਦੂਰ ਦੁਰਾਡੇ ਕਿਸਮਤ
ਚੋਗ ਚੁਗਾਂਦੀ ਏ।
ਫਿਰ ਜਿਸ ਥਾਂ ਹੋਵੇ ਲਿਖਿਆ
ਕੈਸੇ ਢੋਅ ਢੁਕਾਂਦੀ ਏ।
ਕੁੱਝ ਪਤਾ ਨਹੀਂ ਲੱਗਦਾ
ਬੰਦੇ ਫਿਰ ਅਨਜਾਣੇ ਨੂੰ।
ਜੋ ਕਿਸਮਤ ਦੇ ਵਿੱਚ ਲਿਖਿਆ
ਛੱਕਣਾਂ ਪੈਂਦਾ ਦਾਣੇ ਨੂੰ ।।

6
ਰਸੂਲਪੁਰੀ ਜਦ ਮੁੱਕਣਾਂ
ਦਾਣਾਂ ਦੁਨੀਆਂ ਦਾਰੀ ਤੋਂ।
ਨਾਂ ਰੱਖ ਕਿਸੇ ਤੋਂ ਹੋਣਾਂ ਏ
ਫਿਰ ਕਿਸਮਤ ਹਾਰੀ ਤੋਂ।
ਸੁੱਲਝਾ ਕੋਈ ਨਾਂ ਸਕਦਾ ਏ
ਫਿਰ ਉਲਝੇ ਤਾਣੇ ਨੂੰ।
ਜੋ ਕਿਸਮਤ ਦੇ ਵਿੱਚ ਲਿਖਿਆ
ਛੱਕਣਾਂ ਪੈਂਦਾ ਦਾਣੇ ਨੂੰ ।।

**-ਲਿਖਤ ਲਖਵੀਰ ਸਿੰਘ ਰਸੂਲਪੁਰੀ**
( 9465812599 )

## ਹਸਪਤਾਲ ਵੱਲੋਂ ਆਰਥੋਪੀਡਿਕਸ, ਆਰਥਰੋਸਕੋਪੀ, ਖੇਡਾਂ ਅਤੇ ਲਿਗਾਮੈਂਟ ਦੇ ਮਰੀਜ਼ਾਂ ਲਈ ਓ.ਪੀ.ਡੀ ਆਯੋਜਤ




**ਫ਼ਿਰੋਜ਼ਪੁਰ, 23 ਅਗਸਤ (ਮਨੋਹਰ ਲਾਲ) :—** ਜੈਨੇਸਿਸ ਅਮਨਦੀਪ ਹਸਪਤਾਲ ਫ਼ਿਰੋਜ਼ਪੁਰ ਵਿਖੇ ਉਪਲਬਧ ਲਾਗਤ—ਪ੍ਰਭਾਵਸ਼ਾਲੀ ਵਿਸ਼ਵ—ਪੱਧਰੀ ਸਿਹਤ ਸੇਵਾਵਾਂ ਦੀ ਗੱਲ ਤੇਜ਼ੀ ਨਾਲ ਫੈਲ ਰਹੀ ਹੈ ਅਤੇ ਲੋਕ ਇੱਥੇ ਵੱਡੀ ਗਿਣਤੀ ਵਿੱਚ ਵੱਖ—ਵੱਖ ਬਿਮਾਰੀਆਂ ਦੇ ਇਲਾਜ ਲਈ ਆ ਰਹੇ ਹਨ। ਇਸ ਗੱਲ ਦੀ ਪੁਸ਼ਟੀ ਹਸਪਤਾਲ ਵੱਲੋਂ ਆਯੋਜਤ ਇਕ ਓ.ਪੀ.ਡੀ ਵਿੱਚ ਮਰੀਜ਼ਾਂ ਦੀ ਭਾਰੀ ਗਿਣਤੀ ਤੋਂ ਹੋਈ ਹੈ। ਇਹ ਓ.ਪੀ.ਡੀ ਆਰਥੋਪੀਡਿਕਸ, ਆਰਥਰੋਸਕੋਪੀ, ਖੇਡਾਂ ਅਤੇ ਲਿਗਾਮੈਂਟ ਨਾਲ ਸਬੰਧਤ ਸਮੱਸਿਆਵਾਂ ਤੋਂ ਪੀੜਤ ਮਰੀਜ਼ਾਂ ਨੂੰ ਸਮਰਪਿਤ ਸੀ। ਡਾ ਇੰਦਰਦੀਪ ਸਿੰਘ, ਆਰਥੋਪੈਡਿਕਸ, ਆਰਥਰੋਸਕੋਪੀ, ਸਪੋਰਟਸ ਅਤੇ ਲਿਗਾਮੈਂਟ ਸਪੈਸ਼ਿਲਸਟ ਅਮਨਦੀਪ ਹਸਪਤਾਲ ਅੰਮ੍ਰਿਤਸਰ ਨੇ ਇਸ ਓ.ਪੀ.ਡੀ ਵਿੱਚ ਮਰੀਜ਼ਾਂ ਦੀ ਜਾਂਚ ਕੀਤੀ। ਅਮਨਦੀਪ ਹਸਪਤਾਲ ਅੰਮ੍ਰਿਤਸਰ ਦੇ ਡਾਇਰੈਕਟਰ ਡਾ: ਅਮਨਦੀਪ ਕੌਰ ਅਤੇ ਡਾਇਰੈਕਟਰ ਗਗਨਦੀਪ ਸਿੰਘਲ ਸੀ.ਏ ਜੈਨੇਸਿਸ ਅਮਨਦੀਪ ਹਸਪਤਾਲ ਫ਼ਿਰੋਜ਼ਪੁਰ ਨੇ ਦੱਸਿਆ ਕਿ ਇਸ ਓ.ਪੀ.ਡੀ ਦਾ ਉਦੇਸ਼ ਆਰਥੋਪੈਡਿਕਸ, ਆਰਥਰੋਸਕੋਪੀ, ਖੇਡਾਂ ਅਤੇ ਲਿਗਾਮੈਂਟ ਨਾਲ ਸਬੰਧਤ ਸਮੱਸਿਆਵਾਂ ਤੋਂ ਪੀੜਤ ਲੋਕਾਂ ਨੂੰ ਉਨ੍ਹਾਂ ਦੇ ਦਰਦ ਤੋਂ ਰਾਹਤ ਪ੍ਰਦਾਨ ਕਰਨ ਦੇ ਨਾਲ—ਨਾਲ ਉਨ੍ਹਾਂ ਦੇ ਘਰ ਵਿਚ ਹੀ ਉਪਲਬਧ ਲਾਗਤ—ਪ੍ਰਭਾਵਸ਼ਾਲੀ ਵਿਸ਼ਵ—ਪੱਧਰੀ ਇਲਾਜ ਬਾਰੇ ਲੋਕਾਂ ਨੂੰ ਜਾਗਰੂਕ ਕਰਨਾ ਸੀ। ਉਨ੍ਹਾਂ ਕਿਹਾ ਕਿ ਸਾਡੇ ਕਲੀਨਿਕਲ ਯਤਨਾਂ ਪ੍ਰਤੀ ਲੋਕਾਂ ਦਾ ਹੁੰਗਾਰਾ ਕਾਫ਼ੀ ਉਤਸ਼ਾਹਜਨਕ ਹੈ ਅਤੇ ਇਹ ਉਨ੍ਹਾਂ ਦੁਆਰਾ ਸਾਡੇ ਉਤੇ ਕੀਤੇ ਗਏ ਵਿਸ਼ਵਾਸ ਨੂੰ ਦਰਸਾਉਂਦਾ ਹੈ ਅਤੇ ਹਸਪਤਾਲ ਭਵਿੱਖ ਵਿੱਚ ਅਜਿਹੀਆਂ ਹੋਰ ਓ.ਪੀ.ਡੀਜ਼ ਦਾ ਆਯੋਜਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਜੈਨੇਸਿਸ ਅਮਨਦੀਪ ਮਲਟੀਸਪੈਸ਼ਿਲਟੀ ਹਸਪਤਾਲ ਫ਼ਿਰੋਜ਼ਪੁਰ ਦਾ ਪ੍ਰਬੰਧਨ ਅਮਨਦੀਪ ਗਰੁੱਪ ਆਫ਼ ਹਾਸਪਿਟਲਜ਼ ਜੋ ਕਿ 34 ਸਾਲਾਂ ਦੇ ਮੈਡੀਕਲ ਅਤੇ ਸਰਜੀਕਲ ਉੱਤਮਤਾ ਦੇ ਸ਼ਾਨਦਾਰ ਇਤਿਹਾਸ ਦਾ ਮਾਲਿਕ ਹੋਣ ਦੇ ਨਾਲ—ਨਾਲ ਨਵੀਨਤਾਕਾਰੀ ਮੈਡੀਕਲ ਅਤੇ ਸਰਜੀਕਲ ਦਰਦ ਪ੍ਰਬੰਧਨ ਤਕਨਾਲੋਜੀ ਵਿੱਚ ਇੱਕ ਗਲੋਬਲ ਲੀਡਰ ਹੈ, ਦੁਆਰਾ ਕੀਤਾ ਜਾਂਦਾ ਹੈ।

# ਅੰਮ੍ਰਿਤ ਸੰਚਾਰ ਵਿੱਚ 1536 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ



ਗੁਰੂ ਅਮਰਦਾਸ ਜੀ ਦੀ ਜੋਤੀ ਜੋਤਿ ਦਿਵਸ ਅਤੇ ਗੁਰੂ ਰਾਮਦਾਸ ਜੀ ਦੀ 450 ਸਾਲਾ ਗੁਰਤਾਗੱਦੀ ਦਿਵਸ ਦੀ ਸ਼ਤਾਬਦੀ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਲਹਿਰ ਚਲਾਈ ਜਾ ਰਹੀ ਹੈ। ਜਿਸ ਤਹਿਤ ਜਿਲ੍ਹਾ ਗੁਰਦਾਸਪੁਰ ਅਤੇ ਪਠਾਨਕੋਟ ਵਿੱਚ ਪਿਛਲੇ ਤਿੰਨ ਮਹੀਨਿਆਂ ਦੌਰਾਨ ਤੱਕ 14 ਦੇ ਕਰੀਬ ਅੰਮ੍ਰਿਤ ਸੰਚਾਰ ਸਮਾਗਮ ਕਰਵਾਏ ਗਏ । ਜਿਸ ਮੌਕੇ 1536 ਪ੍ਰਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। **(ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)**

### ਬੂਟਾ ਫੈਸ਼ਨ ਪੁਆਇੰਟ ’ਤੇ

# ਨਕਾਬਪੋਸ਼ਾਂ ਨੇ ਵਰ੍ਹਾਈਆਂ ਗੋਲੀਆਂ, ਜਾਨੀ ਨੁਕਸਾਨ ਤੋਂ ਬਚਾਅ






**ਚੌਕ ਮਹਿਤਾ, 23 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਕਸਬਾ ਮਹਿਤਾ ਚੌਕ ਦੇ ਅੰਦਰ ਲੁੱਟਾ ਖੋਹਾ ,ਅਤੇ ਗੈਂਗਸਟਰਾਂ ਵੱਲੋਂ ਫਿਰੋਤੀਆ ਤੇ ਗੋਲੀਆ ਦਾਗਣ ਨਾਲ ਕਾਰੋਬਾਰੀਆ ਦਾ ਅਤੇ ਦੁਕਾਨਦਾਰਾਂ ਦਾ ਜੀਣਾ ਦੁਭਰ ਹੁੰਦਾ ਜਾ ਰਿਹਾ ਹੈ। ਜਿਸਦੇ ਚਲਦਿਆ ਕਸਬਾ ਮਹਿਤਾ ਚੌਕ ਦੇ ਮਹਿਤਾ ਰੋਡ ਤੇ ਬੂਟਾ ਫੈਸ਼ਨ ਪੁਵਾਇਟ ਫੋਰ ਯੂ ਦੇ ਮਾਲਕ ਕਮਲ ਅਰੌੜਾ ਅਤੇ ਸੰਦੀਪ ਕੁਮਾਰ ਅਰੋੜਾ ਦੇ ਸੋ ਰੂਮ ਤੇ ਅੱਜ ਸਵੇਰੇ 9 ਵਜੇ ਦੇ ਕਰੀਬ ਤਿੰਨ ਹਥਿਆਰਬੰਦ ਨਕਾਪਪੋਸ ਨੋਜਵਾਨਾਂ ਵੱਲੋਂ ਅਚਨਸੁਚੇਤ ਤਾਬੜਤੋੜ ਗੋਲੀਆ ਚਲਾ ਕੇ ਹਮਲਾ ਕਰ ਦਿੱਤਾ। ਮੋਟਰਸਾਇਕਲ ਤੇ ਤਿੰਨ ਨੋਜਵਾਨ ਸਵਾਰ ਸਨ ਜਿੰਨ੍ਹਾ ਵਿੱਚੋਂ ਇੱਕ ਮੋਟਰਾਸਾਇਕਲ ਤੇ ਰਿਹਾ ਤੇ ਦੋ ਨਕਾਪਪੋਸ ਨੋਜਵਾਨ ਤਾਬੜਤੋੜ ਗੋਲੀਆ ਚਲਾਓਦੇ ਹੋਏ ਫਰਾਰ ਹੋ ਗਏ, ਗੋਲੀਆ ਦੁਕਾਨ ਦੇ ਅੱਗੇ ਲੱਗੇ ਟਫਨ ਗਲਾਸ਼ ਵਿੱਚ ਲੱਗੀਆ ਜਿਥੇ ਸੋ ਰੂਮ ਦੇ ਮਾਲਕ ਕਮਲ ਸਰਮਾਂ ਬੈਠਾ ਸੀ ਕਮਲ ਸਰਮਾਂ ਨੇ ਦੱਸਿਅਤ ਕਿ ਉਸ ਨੂੰ ਪਹਿਲਾ ਧਮਕੀਆ ਭਰੇ ਫੋਨ ਵੀ ਆਏ ਸਨ ਜਿੱਥੇ ਅਚਸੁਚੇਤ ਗੋਲੀਆ ਮਾਰ ਕੇ ਫਰਾਰ ਹੋ ਗਏ ਜਿਸ ਤਰ੍ਹਾਂ ਓਹ ਗੋਲੀਆ ਮਾਰ ਕੇ ਗਏ ਹਨ ਅੰਦਰ ਬੈਠੇ ਸਟਾਫ ਜਾ ਗ੍ਰਾਂਹਕਾ ਦਾ ਜਾ ਰਾਹਗੀਰਾਂ ਦਾ ਵੀ ਨੁਕਸਾਨ ਹੋ ਸਕਦਾ ਸੀ। ਜਿਥੇ ਥਾਣਾ ਮਹਿਤਾ ਦੀ ਪੁਲੀਸ਼ ਨੂੰ ਤੁਰੰਤ ਸੂਚਿਤ ਕਰ ਦਿੱਤਾ ਗਿਆ ਤੇ ਸਮੁੱਚੇ ਮਾਰਕੀਟ ਦੇ ਦੁਕਾਨਦਾਰਾਂ ਨੇ ਥਾਣਾ ਮੁਖੀ ਨਾਲ ਮੀਟਿੰਗ ਕਰਕੇ ਇਨਸਾਫ ਦੀ ਮੰਗ ਕੀਤੀ ਹੈ। ਜਿਸ ਸਬੰਧੀ ਥਾਣਾ ਮਹਿਤਾ ਚੌਕ ਦੇ ਮੁਖੀ ਐਸ.ਐਚ.ਓ ਅਜਪਾਲ ਸਿੰਘ ਬਾਠ ਨੇ ਕਿਹਾ ਕੇ ਜੋ ਘਟਨਾਂ ਗੋਲੀਕਾਂਡ ਦੀ ਵਾਪਰੀ ਹੈ ਪਿੱਛੇ ਗੈਂਗਸਟਰ ਕੰਮ ਕਰਦੇ ਹਨ ਜਿਆਦਾਤਰ ਓਹ ਵਿਦੇਸ਼ਾ ਵਿੱਚ ਬੈਠੇ ਹਨ ਤੇ ਕਾਰੋਬਾਰੀਆ ਤੋਂ ਫਿਰੋਤੀਆ ਦੀ ਮੰਗ ਕਰਦੇ ਹਨ ਅਜਿਹੇ ਭਟਕੇ ਹੋਏ ਨੋਜਵਾਨ ਭੈੜੇ ਪੁਰਸ਼ਾ ਦੇ ਝਾਸ਼ੇ ਵਿੱਚ ਆਣ ਗੋਲੀਆ ਚਲਾਓਣ ਦੀ ਵਾਰਦਾਤਾ ਕਰ ਰਹੇ ਹਨ ਜਿੰਨਾਂ ਦਾ ਖੇਲ ਬਹੁਤਾ ਚਿਰ ਨਹੀ ਚੱਲੇਗਾ ਬਹੁਤ ਜਲਦ ਇਹਨਾਂ ਨੂੰ ਗ੍ਰਿਫਤਾਰ ਕਰਕੇ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ। ਥਾਣਾ ਮੁਖ ਨੇ ਆਮ ਲੋਕਾਂ ਤੇਕਾਰਬਾਰੀਆ ਦੁਕਬਦਾਰਾਂ ਨੂੰ ਅਪੀਲ ਕਰਦਿਆ ਕੇ ਕਿ ਅਜਿਹੇ ਭੈੜੇ ਪੁਰਸ਼ਾ ਵੱਲੋਂ ਕਿਸੇ ਨੂੰ ਵੀ ਕੋਈ ਧਮਕੀ ਮਿਲਦੀ ਹੈ ਜਾ ਫਿਰੋਤੀ ਮੰਗੀ ਜਾਂਦੀ ਹੈ ਤਾਂ ਡਰਨ ਦੀ ਲੋੜ ਨਹੀ ਸਗੋਂ ਤੁਰੰਤ ਪੁਲੀਸ਼ ਨੂੰ ਸੂਚਿਤ ਕਰੋ ਤੁਹਾਡੇ ਸਹਿਯੋਗ ਨਾਲ ਹੀ ਅਜਿਹੇ ਗੁੰਡਾ ਅਨਸਰਾਂ ਨੂੰ ਨੱਥ ਪਾਈ ਜਾ ਸਕਦੀ।

# ਮੁੱਖ ਮੰਤਰੀ ਸਾਹਿਬ ਜੀ ਉਦਘਾਟਨ ਦੇ ਬਾਵਜੂਦ ਵੀ ਤਰਨ ਤਾਰਨ ਰੋਡ ਦਾ ਕੰਮ ਨਹੀਂ ਹੋਇਆ ਸ਼ੁਰੂ:ਹਰਪਾਲ ਸਿੰਘ ਯੂ.ਕੇ.




**ਚੌਕ ਮਹਿਤਾ, 23ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਿਛਲੇ ਕਈ ਸਾਲਾਂ ਤੋਂ ਤਰਨ ਤਾਰਨ ਰੋਡ, ਅੰਮ੍ਰਿਤਸਰ ਦਾ ਕਈ ਵਾਰ ਬੜੀ ਧੂਮ ਧਾਮ ਨਾਲ ਉਦਘਾਟਨ ਹੋ ਚੁੱਕਾ ਹੈ ਪਰ ਅੱਜ ਤੱਕ ਇਸਦਾ ਕੰਮ ਸ਼ੁਰੂ ਨਹੀ ਹੋ ਰਿਹਾ।ਇਹ ਸੜਕ ਚਾਰ ਰਸਤਿਆਂ ਨੂੰ ਗੁਰੂ ਕੀ ਨਗਰੀ ਤਰਨ ਤਾਰਨ ਤੋਂ ਗੁਰੂਦੁਆਰਾ ਸ੍ਰੀ ਗੁਰੂ ਅਰਜਨ ਦੇਵ ਜੀ, ਗੁਰੂਦੁਆਰਾ ਸ੍ਰੀ ਗੋਇੰਦਵਾਲ ਸਾਹਿਬ, ਗੁਰੂਦੁਆਰਾ ਸ੍ਰੀ ਸੁਲਤਾਨਪੁਰ ਲੋਧੀ ਅਤੇ ਗੁਰਦੁਆਰਾ ਸ੍ਰੀ ਖਡੂਰ ਸਾਹਿਬ ਨਾਲ ਜੁੜਦੇ ਹਨ। ਇਹ ਗੁਰੂਆਂ ਦੀ ਧਰਤੀ ਹੈ ਅਤੇ ਗੁਰੂਆਂ ਦੇ ਦਰਸ਼ਨ ਲਈ ਦੂਰੋ ਦੂਰੋ ਲੋਕ ਜਿਵੇਂ ਐਨ.ਆਰ.ਆਈ. ਵੀ ਬਹੁਤ ਸਾਲਾਂ ਬਾਅਦ ਜਦੋਂ ਪੰਜਾਬ ਚੱਕਰ ਲਾਉਂਦੇ ਹਨ ਅਤੇ ਗੁਰੂਆਂ ਦੇ ਦਰਸ਼ਨ ਕਰਦੇ ਹਨ। ਪਰ ਉਹ ਇਥੋ ਦੇ ਪ੍ਰਸ਼ਾਸ਼ਨ ਤੋਂ ਬਹੁਤ ਹੈਰਾਨ ਹੁੰਦੇ ਹਨ ਅਤੇ ਬਹੁਤ ਜਿਆਦਾ ਪਰੇਸ਼ਾਨ ਹੁੰਦੇ ਹਨ। ਕਿਉਂਕਿ ਰੋਜ ਨਵੀਆਂ ਦੁਰਘਟਨਾਵਾਂ ਅਤੇ ਐਕਸੀਡੈਂਟ ਹੁੰਦੇ ਹਨ ਜਿਸ ਨਾਲ ਬਹੁਤ ਸਾਰੀਆਂ ਜਾਨਾਂ ਜਾ ਚੁਕੀਆ ਹਨ। ਸੜਕ ਬਹੁਤ ਛੋਟੀ ਹੋਣ ਕਾਰਨ ਅਕਸਰ ਹੀ ਦੁਰਘਟਨਾਵਾਂ ਹੁੰਦੀਆ ਰਹਿੰਦੀਆਂ ਹਨ। ਜਿਸ ਨਾਲ ਜਾਨੀ ਨੁਕਸਾਨ ਬਹੁਤ ਹੁੰਦਾ ਹੈ। ਟ੍ਰੈਫਿਕ ਵੀ ਐਨਾ ਕੁ ਜਿਆਦਾ ਹੋ ਜਾਂਦਾ ਹੈ ਕਿ ਪ੍ਰਦੂਸ਼ਨ ਵੀ ਬਹੁਤ ਜਿਆਦਾ ਫੈਲਦਾ ਹੈ। ਇਹ ਸਰਕਾਰਾਂ ਦੀਆਂ ਨਿਕਾਮੀਆ ਹਨ ਕਿ ਉਦਘਾਟਨ ਕਰਕੇ ਮੁੜ ਇਸ ਵੱਲ ਧਿਆਨ ਨਹੀ ਦਿੰਦੇ ਇਹ ਸਰਕਾਰਾਂ ਲੋਕਾਂ ਨੂੰ ਬੇਵਕੂਫ ਬਣਾਉਂਦੀਆ ਹਨ ਅਤੇ ਅੱਖੀ ਘੱਟਾ ਪਾਉਂਦੀਆ ਹਨ। ਸੋ ਸਾਡੀ ਪੰਜਾਬ ਸਰਕਾਰ ਨੂੰ ਪੁਰਜੋਰ ਬੇਨਤੀ ਹੈ ਕਿ ਤਰਨ ਤਾਰਨ ਰੋਡ, ਅੰਮ੍ਰਿਤਸਰ ਵੱਲ ਆਪਣਾ ਧਿਆਨ ਦਿੱਤਾ ਜਾਵੇ ਤਾਂ ਕਿ ਇਹ ਜਿਹੜੀਆ ਅਧੂਰੀਆ ਸੜਕਾਂ ਹਨ ਇਹਨਾਂ ਦਾ ਕੰਮ ਮੁਕੰਮਲ ਕੀਤਾ ਜਾਵੇ। ਜਿਸ ਨਾਲ ਲੋਕਾਂ ਨੂੰ ਆਵਾਜਾਈ ਵੀ ਕੋਈ ਦਿੱਕਤ ਨਾ ਆਏ। ਇਹਨਾਂ ਸੜਕਾਂ ਤੇ ਫੋਰਲਾਈਨ ਬਣਾਈ ਜਾਵੇ। ਕਿਉਂਕਿ ਸਕੂਲਾਂ ਤੋਂ ਬਹੁਤ ਸਾਰੇ ਬੱਚੇ ਆਉਂਦੇ ਹਨ ਜੋ ਇਹਨਾਂ ਸੜਕਾਂ ਰਾਹੀ ਗੁਜਰਦੇ ਹਨ। ਜਿਸ ਨਾਲ ਬੱਚਿਆਂ ਦੀ ਜਾਨਾਂ ਬਹੁਤ ਖਤਰਾ ਹੈ ਜਿਸਦੀਆ ਅਸੀਂ ਪਹਿਲਾਂ ਵੀ ਬਹੁਤ ਵਾਰੀ ਮਾਨਯੋਗ ਪੰਜਾਬ ਸਰਕਾਰ ਅਤੇ ਮਾਨਯੋਗ ਡਿਪਟੀ ਕਮਿਸ਼ਨਰ ਸਾਹਿਬ, ਅੰਮ੍ਰਿਤਸਰ ਨੂੰ ਅਸੀਂ ਚਿੱਠੀਆਂ ਰਾਹੀ ਕਹਿ ਚੁੱਕੇ ਹਾਂ। ਪਰ ਇਹਨਾਂ ਨੇ ਇਸ ਸਬੰਧੀ ਕੋਈ ਕਾਰਵਾਈ ਨਹੀ ਕੀਤੀ। ਪਿਛਲੀ ਦਿਨੀਂ ਮਾਨਯੋਗ ਮੰਤਰੀ ਈ.ਟੀ.ਓ. ਸਾਹਿਬ ਜੀ ਨੇ ਇਕ ਧੂਮ ਧਾਮ ਨਾਲ ਉਦਘਾਟਨ ਕੀਤਾ। ਪਰ ਉਦਘਾਟਨ ਤੋਂ ਬਾਅਦ ਪਰਨਾਲੇ ਦਾ ਕੰਮ ਉਥੇ ਦਾ ਉਥੇ ਹੀ ਖਲੋਤਾ ਹੈ।

ਸੋ ਅਸੀਂ ਪੰਜਾਬ ਸਰਕਾਰ ਨੂੰ ਇਹ ਕਹਿਣਾ ਚਾਹੁੰਦੇ ਹਾਂ ਕਿ ਜੇਕਰ ਸੜਕ ਦਾ ਕੰਮ ਸ਼ੁਰੂ ਨਾ ਹੋਇਆ ਤਾਂ ਅਸੀਂ ਬਹੁਤ ਵੱਡਾ ਧਰਨਾ ਜੋ ਕਿ ਤਰਨ ਤਾਰਨ ਰੋਡ ਤੇ ਲਗਾਵਾਗੇ ਜਾਮ ਲਗਾਇਆ ਜਾਵੇਗਾ ਆਵਾਜਾਈ ਬੰਦ ਕੀਤੀ ਜਾਵੇਗੀ ਜੇਕਰ ਪੰਜਾਬ ਸਰਕਾਰ ਸਾਡੀ ਗੱਲ ਨਹੀ ਸੁਣਦੀ ਤਾਂ ਸਾਡੇ ਵਲੋ ਮਾਨਯੋਗ ਹਾਈਕੋਰਟ ਅਤੇ ਮਾਨਯੋਗ ਸੁਪਰੀਮ ਕੋਰਟ ਦਾ ਦਰਵਾਜਾ ਖੜਕਾਇਆ ਜਾਵੇਗਾ।

## ਫ਼ਿਰੋਜ਼ਪੁਰ ਛਾਉਣੀ ਦੇ ਬੱਸ ਸਟੈਂਡ ਦੇ ਬਾਹਰ ਲਾਈਟਾਂ ਵਾਲੇ ਚੌਕ ਵਿੱਚ ਕਿਸਾਨਾਂ ਵੱਲੋਂ ਸੜਕ ਜਾਮ

ਫ਼ਿਰੋਜ਼ਪੁਰ ਅਗਸਤ (ਸੁਖਮੰਦਰ ਸ਼ਾਂਤ) ਪਿਛਲੇ ਕਈ ਮਹੀਨਿਆਂ ਤੋਂ ਡੀਸੀ ਦਫ਼ਤਰ ਦੇ ਬਾਹਰ ਧਰਨਾ ਦੇ ਰਹੇ ਐਡਵੋਕੇਟ ਰੋਹਿਤ ਅਰੋੜਾ ਦੀ ਪਤਨੀ ਪਿਛਲੇ ਹਫ਼ਤੇ ਸਕੂਟੀ ’ਤੇ ਸਵਾਰ ਹੋ ਕੇ ਜਾ ਰਹੇ ਸਨ, ਜਿਸ ਕਾਰਨ ਉਹ ਦੋਵੇਂ ਪਲਟ ਗਏ ਬੱਚੇ ਵਾਲ-ਵਾਲ ਬਚ ਗਏ, ਜਿਸ ਤੋਂ ਬਾਅਦ ਬੀਤੀ ਰਾਤ ਵਪਾਰ ਮੰਡਲ ਦੇ ਮੁਖੀ ਧਰਮ ਪੰਡਿਤ ਜੀ ਅਤੇ ਸ਼ਸ਼ੀ ਤਾਇਲ ਜੀ ਦਾ ਹਾਦਸਾਗ੍ਰਸਤ ਹੋ ਗਿਆ ਅਤੇ ਰਾਧੇ ਕਬਾੜੀਆ ਜੀ ਦਾ ਪੁੱਤਰ ਕਾਕਾ ਰਾਤ ਨੂੰ ਪੁਲਿਸ ਦੀ ਮੌਜੂਦਗੀ ਵਿੱਚ ਧਰਨੇ ਤੋਂ ਬਾਹਰ ਸੀ ਨੂੰ ਮੋੜ ਦਿੱਤਾ ਗਿਆ, ਅੱਜ ਤੱਕ ਪ੍ਰਸ਼ਾਸਨ ਗੂੜ੍ਹੀ ਨੀਂਦ ਵਿੱਚ ਹੈ ਅਤੇ ਕੋਈ ਵੀ ਮਾਪੇ ਬੋਲਣ ਨੂੰ ਤਿਆਰ ਨਹੀਂ ਹੈ, ਜਿਸ ਕਾਰਨ ਅਸੀਂ ਵਾਰ-ਵਾਰ ਧਰਨੇ ਦੇ ਕੇ ਇਸ ਨੂੰ ਬਚਾ ਰਹੇ ਹਾਂ। 9 ਬੱਚਿਆਂ ਦੇ ਸਕੂਲ ਜਿੱਥੋਂ ਹਜ਼ਾਰਾਂ ਮਾਸੂਮ ਬੱਚੇ ਸਕੂਲ ਜਾਂਦੇ ਹਨ ਅਤੇ ਕਿਸੇ ਵੀ ਸਮੇਂ ਹਾਦਸੇ ਦਾ ਸ਼ਿਕਾਰ ਹੋ ਸਕਦੇ ਹਨ ਅਤੇ ਜਿਸ ਦਿਨ ਕੋਈ ਹਾਦਸਾ ਵਾਪਰਦਾ ਹੈ ਉਸ ਦਿਨ ਅਸੀਂ ਅਤੇ ਤੁਸੀਂ ਸੋਚ ਵੀ ਨਹੀਂ ਸਕਦੇ ਜੇਕਰ ਕੋਈ ਹਾਦਸਾ ਵਾਪਰਦਾ ਹੈ ਤਾਂ ਉਨ੍ਹਾਂ ਬੱਚਿਆਂ ਦੇ ਮਾਪਿਆਂ ਨੂੰ ਪ੍ਰਸ਼ਾਸਨ ਨਾਲ ਮਿਲ ਕੇ ਗੱਲਬਾਤ ਕਰਨੀ ਚਾਹੀਦੀ ਹੈ ਕਿ ਜੇਕਰ ਸਾਡੇ ਬੱਚਿਆਂ ਨੂੰ ਕੁਝ ਹੋ ਜਾਂਦਾ ਹੈ ਤਾਂ ਉਸ ਹਾਦਸੇ ਲਈ ਸਰਕਾਰ ਅਤੇ ਪ੍ਰਸ਼ਾਸਨ ਜ਼ਿੰਮੇਵਾਰ ਹੋਵੇਗਾ।

## ਨੂਰਮਹਿਲ ਫਿਲੌਰ ਰੋਡ ਤੇ ਵਾਪਰਿਆ ਭਿਆਨਿਕ ਹਾਦਸਾ, ਨਕੋਦਰ ਦੇ ਧਾਰਮਿਕ ਅਸਥਾਨ ਤੋਂ ਮੱਥਾ ਟੇਕ ਕੇ ਵਾਪਿਸ ਆ ਰਹੇ ਸਨ



**ਬਿਲਗਾ, 23 ਅਗਸਤ (ਆਵਾਜ਼ਿ ਕੌਮ ਬਿਊਰੋ)**-ਰਾਤ ਕਰੀਬ 10 ਵੱਜੇ ਨੂਰਮਹਿਲ ਫਿਲੌਰ ਰੋਡ ਪਿੰਡ ਮੋਵਾਈ ਦੇ ਏ - ਵਨ ਢਾਬੇ ਦੇ ਨਜਦੀਕ ਰੋਡ ਤੇ ਖੜੇ ਟਰਾਲਾ ਨੰਬਰ PB-65-T 7541 ਵਿੱਚ ਇੱਕ ਟਾਟਾ ਸਫਾਰੀ ਗੱਡੀ ਨੰਬਰ PB-65-T 7541 ਟਕਰਾਉਣ ਨਾਲ ਟਾਟਾ ਸਫਾਰੀ ਵਿੱਚ ਸਵਾਰ 7 ਲੋਕ ਗੰਭੀਰ ਰੂਪ ਵਿੱਚ ਜਖਮੀ ਹੋ ਗਏ ਟਾਟਾ ਸਫਾਰੀ ਚਾਲਕ ਨੇ ਦੱਸਿਆ ਕਿ ਉਹ ਅਤੇ ਉਸਦੇ ਦੋਸਤ ਨਕੋਦਰ ਦੇ ਧਾਰਮਿਕ ਅਸਥਾਨ ਤੇ ਮੱਥਾ ਟੇਕ ਕੇ ਵਾਪਿਸ ਫਿਲੌਰ ਜਾ ਰਹੇ ਸਨ ਤਾਂ ਰਸਤੇ ਚ ਖੜੇ ਟਰਾਲੇ ਨਾਲ ਇਹ ਐਕਸੀਡੈਂਟ ਹੋ ਗਿਆ ਜ਼ਖ਼ਮੀਆਂ ਵਿੱਚ ਅਮਨਦੀਪ ਸਿੰਘ, ਪਵਨਦੀਪ ਸਿੰਘ, ਵਾਸੀ ਫਿਲੌਰ ਦਰਸ਼ਨ ਸਿੰਘ ਵਾਸੀ ਅਨੰਦਪੁਰ ਸਾਹਿਬ, ਅਸ਼ੋਕ ਵਾਸੀ ਮਹਾਰਾਸਟਰਾਂ, ਰੇਸ਼ਮ ਸਿੰਘ, ਪ੍ਰਸ਼ਾਂਤ ਅੰਬਾਲਾ, ਕ੍ਰਿਸਨ ਸ਼ਾਤੀਸਗੜ੍ਹ ਹਰਵਣ ਕੌਰ ਉਮਰ ਤਕਰੀਵਨ ਅੜ੍ਹਾਈ ਸਾਲ ਹੈ, ਤੁਰੰਤ ਪੁਲਿਸ ਨੇ ਮੌਕੇ ਤੇ ਪੁਹੰਚਕੇ ਗੰਭੀਰ ਰੂਪ ਵਿੱਚ ਜਖ਼ਮੀਆਂ ਨੂੰ ਹਸਪਤਾਲ ਪਹੁੰਚਾਇਆ ਅਤੇ ਅਗਲੀ ਕਾਰਵਾਈ ਸ਼ੁਰੂ ਕਰ ਦਿਤੀ।

# ਸਰਦਾਰ ਸੇਵਾ ਸਿੰਘ ਠੀਕਰੀਵਾਲਾ ਦੇ ਜਨਮ ਦਿਨ 'ਤੇ ਵਿਸ਼ੇਸ਼

ਸਰਦਾਰ ਸੇਵਾ ਸਿੰਘ ਦਾ ਜਨਮ ਮਾਤਾ ਹਰ ਕੌਰ ਦੀ ਕੁੱਖੋਂ ਰਿਆਸਤ ਪਟਿਆਲਾ ਦੇ ਜ਼ਿਲ੍ਹੇ ਬਰਨਾਲਾ ਦੇ ਪਿੰਡ ਠੀਕੀਰਵਾਲਾ ਵਿਖੇ ਸਰਦਾਰ ਦੇਵਾ ਸਿੰਘ ਦੇ ਘਰ ਹੋਇਆ। ਸੇਵਾ ਸਿੰਘ ਦੇ ਜਨਮ ਸਾਲ ਸੰਬੰਧਿਤ ਵੱਖੋ-ਵੱਖ ਜਾਣਕਾਰੀ ਮਿਲਦੀ ਹੈ।ਕੁੱਝ ਵਿਦਵਾਨ ਜਨਮ ਸਾਲ 1878 ਤੇ ਕੁੱਝ ਹੋਰ ਵਿਦਵਾਨ ਜਨਮ ਸਾਲ 1886 ਵੀ ਦੱਸਦੇ ਹਨ।

ਜ਼ਿਆਦਾਤਰ ਮਿਲ਼ਦੀ ਜਾਣਕਾਰੀ ਮੁਤਾਬਕ 24 ਅਗਸਤ 1886 ਦਾ ਹੀ ਜਨਮ ਦੱਸਿਆ ਹੋਇਆ ਮਿਲ਼ਦਾ ਹੈ।



ਸਰਦਾਰ ਬਸੰਤ ਸਿੰਘ ਜੋ ਉਹਨਾਂ ਦੇ ਸਮਕਾਲੀ ਰਹੇ ਉਹ ਜਨਮ ਸਾਲ 1882 ਦੱਸਦੇ ਹਨ। ਸੇਵਾ ਸਿੰਘ ਠੀਕਰੀਵਾਲਾ ਦੇ 3 ਭਰਾ ਸਰਦਾਰ ਗੁਰਬਖਸ਼ ਸਿੰਘ, ਸਰਦਾਰ ਨੱਥਾ ਸਿੰਘ, ਸਰਦਾਰ ਮੇਵਾ ਸਿੰਘ ਸਨ।ਇੱਕ ਨਿੱਕੀ ਭੈਣ ਗੁਰਬਖਸ਼ ਕੌਰ ਸੀ। ਆਪ ਜੀ ਦੇ ਪਿਤਾ ਦੇਵਾ ਸਿੰਘ ਫੂਲਕੀਆ ਰਿਆਸਤ ਪਟਿਆਲਾ ਦੇ ਉੱਘੇ ਅਹਿਲਕਾਰ ਸਨ।

ਆਪ ਜੀ ਨੇ ਆਪਣੇ ਬਚਪਨ ਦਾ ਵਧੇਰੇ ਸਮਾਂ ਪਟਿਆਲਾ ਸ਼ਹਿਰ ਵਿੱਚ ਹੀ ਗੁਜ਼ਾਰਿਆ। ਪਟਿਆਲਾ ਦੇ ਮਾਡਲ ਸਕੂਲ ਵਿੱਚੋਂ (ਉਸ ਵੇਲੇ ਇਹ ਸਕੂਲ ਮਹਿੰਦਰਾ ਕਾਲਜ ਦੇ ਇੱਕ ਬਲਾਕ ਵਿੱਚ ਹੁੰਦਾ ਸੀ।) ਅੱਠਵੀਂ ਜਮਾਤ ਪਾਸ ਕਰਨ ਉਪਰੰਤ ਆਪ ਮਹਾਰਾਜਾ ਪਟਿਆਲਾ ਦੇ ਦਰਬਾਰ ਵਿੱਚ ਮੁਸਾਹਿਬ ਨਿਯੁਕਤ ਹੋਏ। ਸਰਦਾਰ ਸੇਵਾ ਸਿੰਘ ਨੇ ਉਰਦੂ, ਫਾਰਸੀ, ਪੰਜਾਬੀ ਅਤੇ ਅੰਗਰੇਜ਼ੀ ਦਾ ਅਧਿਐਨ ਵੀ ਵੱਖਰੇ ਤੌਰ ਤੇ ਕੀਤਾ।

ਆਪ ਜੀ ਨੇ ਕੁਝ ਸਮਾਂ ਸਿਹਤ ਵਿਭਾਗ ਵਿੱਚ ਵੀ ਕੰਮ ਕੀਤਾ।ਆਪ ਜੀ ਨੇ ਬਰਨਾਲੇ ਵਿਖੇ ਵੀ ਪਲੇਗ ਅਫ਼ਸਰ ਦੇ ਤੌਰ 'ਤੇ ਕੁੱਝ ਸਮਾਂ ਸੇਵਾਵਾਂ ਨਿਭਾਈਆਂ।ਭਾਈ ਅਰਜਨ ਸਿੰਘ ਗੰਥੀ, ਭਾਈ ਰਤਨ ਸਿੰਘ ਜੈਦ, ਭਾਈ ਨਰੈਣ ਸਿੰਘ, ਤੇ ਭਾਈ ਭਾਨ ਸਿੰਘ ਜਿਹੀਆਂ ਸ਼ਖ਼ਸੀਅਤਾਂ ਦਾ ਪ੍ਰਭਾਵ ਆਪਣੀ ਜ਼ਿੰਦਗੀ ਆਪ ਜੀ ਨੇ ਕਬੂਲਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਪਿਤਾ ਜੀ ਦੀ ਮੌਤ ਤੋਂ ਬਾਅਦ ਆਪ ਜੀ ਆਪਣੇ ਜੱਦੀ ਪਿੰਡ ਠੀਕਰੀਵਾਲਾ ਆ ਗਏ।ਗੁਰਬਖਸ਼ ਸਿੰਘ ਪਟਿਆਲੇ ਵਾਲਿਆਂ ਨੇ ਸਰਦਾਰ ਸੇਵਾ ਸਿੰਘ ਠੀਕਰੀਵਾਲਾ ਅੰਦਰ 'ਸਿੰਘ ਸਭਾ' ਦਾ ਪਿਆਰ ਭਰਿਆ।

ਸਿੰਘ ਸਭਾ ਲਹਿਰ ਦੇ ਪ੍ਰਭਾਵ ਅਧੀਨ ਹੀ ਸੇਵਾ ਸਿੰਘ ਅੰਮ੍ਰਿਤ ਛਕ ਕੇ ਸਿੰਘ ਸਜ ਗਏ। ਇਨ੍ਹਾਂ ਆਪਣੇ ਜੀਵਨ ਦਾ ਨਿਸ਼ਾਨਾ ਸਿੱਖ ਧਰਮ ਦਾ ਪ੍ਰਚਾਰ, ਸਮਾਜ ਸੁਧਾਰ ਅਤੇ ਕੌਮੀ ਅਜ਼ਾਦੀ ਲਈ ਸੰਘਰਸ਼ ਮਿੱਥ ਲਿਆ। ਆਪ ਜੀ ਨੇ ਸਮਾਜ ਵਿੱਚ ਵਧ ਰਹੇ ਨਸ਼ੇ,ਵਿਆਹਾਂ-ਸ਼ਾਦੀਆਂ ਸਮੇਂ ਹੋ ਰਹੇ ਫਜ਼ੂਲ-ਖਰਚੇ ਅਤੇ ਹੋਰ ਸਮਾਜਿਕ ਬੁਰਾਈਆਂ ਵਿਰੁੱਧ ਆਵਾਜ਼ ਬੁਲੰਦ ਕੀਤੀ।

26 ਜੂਨ 1917 ਨੂੰ ਆਪ ਜੀ ਨੇ ਜਰਨਲ ਬਖਸ਼ੀਸ਼ ਸਿੰਘ ਪਟਿਆਲਾ, ਹਰਚੰਦ ਸਿੰਘ ਰਈਸ ਭਦੌੜ, ਰਣਬੀਰ ਸਿੰਘ ਜੱਜ ਬਰਨਾਲਾ, ਕਰਨਲ ਨਰੈਣ ਸਿੰਘ ਪਟਿਆਲਾ ਅਤੇ ਬਸੰਤ ਸਿੰਘ ਠੀਕਰੀਵਾਲਾ ਨਾਲ ਮਿਲ

ਠੀਕਰੀਵਾਲਾ ਪਿਊ ਵਿੱਚ ਨਵਾਬ ਕਪੂਰ ਸਿੰਘ ਦੇ ਪੜਾਅ ਸਥਾਨ 'ਤੇ ਇੱਕ ਗੁਰਦੁਆਰੇ ਦੀ ਵਿਸ਼ਾਲ ਇਮਾਰਤ ਦਾ ਨੀਂਹ ਪੱਥਰ ਸੰਤ ਗੁਰਬਖਸ਼ ਸਿੰਘ ਪਟਿਆਲਾ ਤੋਂ ਰਖਵਾਇਆ,ਜੋ ਕਿ ਸਤੰਬਰ 1920 ਵਿੱਚ ਇਮਾਰਤ ਮੁਕੰਮਲ ਹੋਈ। ਬਾਅਦ ਵਿੱਚ ਇਹ ਗੁਰਦੁਆਰਾ ਸਰਦਾਰ ਸੇਵਾ ਸਿੰਘ ਦੀਆਂ ਧਾਰਮਿਕ ਸਰਗਰਮੀਆਂ ਦਾ ਕੇਂਦਰ ਬਣਿਆ ਰਿਹਾ।

ਇਸੇ ਸਮੇਂ ਦੌਰਾਨ ਹੀ ਆਪ ਜੀ ਨੇ ਪਿੰਡ ਵਿੱਚ ਸਿੱਖਿਆ ਦੀ ਜੋਤ ਜਗਾਉਣ ਲਈ ਗੁਰਦੁਆਰਾ ਸਾਹਿਬ ਵਿਖੇ ਗੁਰਮੁਖੀ ਜਮਾਤਾਂ ਦਾ ਵੀ ਪ੍ਰਬੰਧ ਕੀਤਾ।

1919 ਦੇ ਜਲ੍ਹਿਆਂਵਾਲੇ ਬਾਗ ਦੇ ਖ਼ੂਨੀ ਸਾਕੇ ਨਾਲ ਆਪ ਜੀ ਦੀ ਰੂਹ ਕੁਰਲਾ ਉੱਠੀ। ਉਸ ਸਮੇਂ ਆਪ ਜੀ ਨੇ ਆਪਣੇ ਪਿੰਡ ਦੇ ਗੁਰਦੁਆਰੇ ਵਿੱਚ ਜਲ੍ਹਿਆਂਵਾਲੇ ਬਾਗ ਦੇ ਸ਼ਹੀਦਾਂ ਦੀ ਯਾਦ ਵਿਚ ਪੰਜ ਅਖੰਡ-ਪਾਠ ਵੀ ਕਰਵਾਏ।

1921 ਨੂੰ ਜਦ ਨਨਕਾਣਾ ਸਾਹਿਬ ਦਾ ਸਾਕਾ ਵਾਪਰਿਆ ਤਾਂ ਆਪ ਆਪਣੇ ਵੱਲੋਂ ਸਿੰਘਾਂ ਦਾ ਜਥਾ ਲੈ ਕੇ ਕਾਲੀਆਂ ਪੱਗਾਂ ਬੰਨ੍ਹ ਕੇ ਰੋਸ ਵਜੋਂ ਸ਼ਹੀਦੀ ਦੇਣ ਲਈ ਨਨਕਾਣਾ ਸਾਹਿਬ ਪਹੁੰਚੇ।

1922 ਵਿੱਚ ਗੁਰੂ ਕੇ ਬਾਗ ਦੇ ਮੋਰਚੇ ਵਿੱਚ ਵੀ ਆਪ ਨੇ ਵੱਧ ਚੜ੍ਹ ਕੇ ਹਿੱਸਾ ਲਿਆ।

1923 ਵਿੱਚ ਜਦੋਂ ਜੈਤੋ ਦਾ ਮੋਰਚਾ ਲੱਗਾ ਹੋਇਆ ਸੀ ਤਾਂ ਅੰਗਰੇਜ ਸਰਕਾਰ ਨੇ ਸ਼੍ਰੋਮਣੀ ਅਕਾਲੀ ਦਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਗੈਰ ਕਾਨੂੰਨੀ ਜਥੇਬੰਦੀਆਂ ਐਲਾਨ ਕੇ ਜਥੇਬੰਦੀਆਂ ਦੇ ਮੁਖੀਆਂ ਦੀ ਗ੍ਰਿਫਤਾਰੀ ਦੇ ਹੁਕਮ ਜਾਰੀ ਕਰ ਦਿੱਤੇ ਸਨ।ਇਸੇ ਲੜੀ ਤਹਿਤ ਸਰਦਾਰ ਸੇਵਾ ਸਿੰਘ ਨੂੰ ਮੁਕਤਸਰ ਸਾਹਬ ਦੇ ਗੁਰਦੁਆਰਾ ਸਾਹਿਬ ਤੋਂ ਗਿਰਫਤਾਰ ਕਰ ਲਿਆ ਗਿਆ। ਲਗਭਗ 3 ਸਾਲ ਤੱਕ ਆਪ ਲਾਹੌਰ ਜੇਲ ਵਿੱਚ ਨਜ਼ਰਬੰਦ ਰਹੇ।

1926 ਨੂੰ ਤਿੰਨ ਸਾਲ ਬਾਅਦ ਜਦੋਂ ਆਪ ਜੇਲ ਤੋਂ ਰਿਹਾਅ ਹੋਏ ਤਾਂ ਪਟਿਆਲਾ ਰਿਆਸਤ ਦੀ ਪੁਲਿਸ ਨੇ ਬਾਬਾ ਗਾਂਧਾ ਸਿੰਘ ਬਰਨਾਲਾ ਦੀ ਗੜਵੀ ਚੋਰੀ ਦਾ ਹਾਸੋਹੀਣਾ ਝੂਠਾ ਦੋਸ਼ ਲਾ ਕੇ ਮੁੜ ਗਿਰਫਤਾਰ ਕਰ ਲਿਆ। ਪਰ ਉਸੇ ਹੀ ਡੇਰੇ ਦੇ ਮਹੰਤ ਰਘਬੀਰ ਸਿੰਘ ਦੇ ਸੱਚਾਈ ਬਿਆਨ ਕਰਨ ਤੇ ਕਿ ਕੋਈ ਚੋਰੀ ਨਹੀ ਹੋਈ ਹੈ ਤੇ ਮੁਕੱਦਮਾ ਤਾਂ ਖਾਰਜ ਹੋ ਗਿਆ, ਪਰ ਅੰਗਰੇਜ ਹਕੂਮਤ ਦੀ ਬਦਨੀਤੀ ਕਾਰਨ ਬਿਨ੍ਹਾਂ ਕਿਸੇ ਦੋਸ਼ ਦੇ ਤਿੰਨ ਸਾਲ ਹੋਰ 1929 ਤੱਕ ਜੇਲ੍ਹ ਵਿੱਚ ਨਜ਼ਰਬੰਦ ਰੱਖਿਆ। ਇਸੇ ਦੌਰਾਨ ਹੀ ਸੇਵਾ ਸਿੰਘ ਠੀਕਰੀਵਾਲਾ ਦੇ ਜੇਲ੍ਹ ਵਿੱਚ ਹੁੰਦਿਆਂ ਹੀ ਪਰਜਾ ਮੰਡਲ ਦੀ ਨੀਂਹ ਫਰਵਰੀ 1928 ਵਿੱਚ ਪਿੰਡ ਸੇਖਾ (ਬਰਨਾਲਾ) 'ਚ ਰੱਖੀ ਗਈ।ਬਖਸ਼ੀਸ਼ ਸਿੰਘ ਕੱਟੂ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ ਤੇ ਸਰਦਾਰ ਸੇਵਾ ਸਿੰਘ ਠੀਕਰੀਵਾਲਾ ਨੂੰ ਪਰਜਾ ਮੰਡਲ ਦੇ ਪਹਿਲੇ ਪ੍ਰਧਾਨ ਥਾਪਿਆ ਗਿਆ। 1931 ਵਿੱਚ ਜੀਂਦ ਅਤੇ 1932 ਵਿੱਚ ਮਲੇਰਕੋਟਲੇ ਜਦ ਕਿਸਾਨਾਂ ਵੱਲੋਂ ਅੰਦੋਲਨ ਹੋਇਆ ਤਾਂ ਆਪ ਨੇ ਵੱਧ ਚੜ੍ਹ ਕੇ ਹਿੱਸਾ ਲਿਆ।

ਆਪ ਜੀ ਨੇ ਸਿੱਖ ਧਰਮ ਦੇ ਪ੍ਰਚਾਰ-ਪ੍ਰਸਾਰ ਤੇ ਪੰਥ 'ਤੇ ਹੋ ਰਹੇ ਹਮਲਿਆਂ ਨੂੰ ਨਸ਼ਰ ਕਰਨ ਲਈ 'ਕੌਮੀ ਦਰਦ' ਨਾਂਅ ਦਾ ਅਖ਼ਬਾਰ ਵੀ ਕੱਢਿਆ। ਜਿਸ ਨੂੰ ਪੰਜਾਬ ਦੀ ਜਨਤਾ ਵੱਲੋਂ ਚੰਗਾ ਹਾਂ-ਪੱਖੀ ਹੁੰਗਾਰਾ ਪ੍ਰਾਪਤ ਹੋਇਆ

ਇਸ ਤੋਂ ਇਲਾਵਾ 13 ਜਨਵਰੀ 1933 ਨੂੰ ਸੇਵਾ ਸਿੰਘ ਠੀਕਰੀਵਾਲਾ ਨੇ 'ਦੇਸ਼-ਦਰਦੀ' ਸਪਤਾਹਿਕ ਅਖਬਾਰ ਦਾ ਪਹਿਲਾ ਪਰਚਾ ਵੀ ਕੱਢਿਆ।

ਪਰਜਾ ਮੰਡਲ ਦੇ ਹੋਏ ਕਾਰਜਾਂ ਦੀ ਗੱਲ ਕਰਦਿਆਂ ਰਿਆਸਤੀ ਪਰਜਾ ਮੰਡਲ ਦੀਆਂ ਹੋਈਆਂ ਮਹੱਤਵਪੂਰਨ ਕਾਨਫਰੰਸਾਂ ਬਾਰੇ ਜਾਣਨਾ ਸਾਡੇ ਲਈ ਇੱਥੇ ਹੋਰ ਵੀ ਜ਼ਰੂਰੀ ਹੈ।

ਰਿਆਸਤੀ ਪਰਜਾ ਮੰਡਲ ਦੀ ਪਹਿਲੀ ਕਾਨਫਰੰਸ ਦਸੰਬਰ 1929 ਵਿੱਚ ਲਾਹੌਰ ਦੇ ਬਰੈਡਲਾ ਹਾਲ ਵਿੱਚ ਹੋਈ ਸੀ, ਜਿਸ ਵਿੱਚ ਸੇਵਾ ਸਿੰਘ ਠੀਕਰੀਵਾਲਾ ਨੇ ਹਿੱਸਾ ਲਿਆ। ਇਸ ਵਿਚ ਜਿੱਥੇ ਜਨਤਾ ਦੀ ਮੰਦੀ ਹਾਲਤ ਸਬੰਧੀ ਵਿਚਾਰਾਂ ਹੋਈਆਂ, ਉਥੇ ਹੀ ਰਜਵਾੜਾਸ਼ਾਹੀ ਦੀ ਧੱਕੇਸ਼ਾਹੀ ਬਾਰੇ ਵੀ ਚਰਚਾ ਹੋਈ।

ਅਕਤੂਬਰ 1930 ਵਿੱਚ ਰਿਆਸਤੀ ਪਰਜਾ ਮੰਡਲ ਦੀ ਦੂਜੀ ਕਾਨਫਰੰਸ ਲੁਧਿਆਣਾ ਵਿੱਚ ਹੋਈ, ਜਿਸ ਵਿਚ ਤਕਰੀਰ ਕਰਦਿਆਂ ਸੇਵਾ ਸਿੰਘ ਨੇ ਕਿਹਾ, "ਮੇਰਾ ਦਾਅਵਾ ਹੈ ਕਿ ਜਦ ਕੋਈ ਕੌਮ ਜਾਨ ਜਾਂ ਮਾਲ ਦੇ ਨੁਕਸਾਨ ਤੋਂ ਬੇਪਰਵਾਹ ਹੋ ਕੇ ਜ਼ੁਲਮਾਂ ਦਾ ਮੁਕਾਬਲਾ ਕਰਨ ਲਈ ਤਿਆਰ ਹੋ ਜਾਵੇ ਤਾਂ ਜ਼ਾਲਮ ਤੇ ਜ਼ੁਲਮ ਖ਼ੁਦ ਬਖ਼ੁਦ ਮਿਟ ਜਾਣਗੇ।" ਇਸ ਕਾਨਫਰੰਸ ਤੋਂ ਬਾਅਦ ਸੇਵਾ ਸਿੰਘ ਨੂੰ ਗ੍ਰਿਫ਼ਤਾਰ ਕਰਕੇ, ਝੂਠਾ ਮੁਕੱਦਮਾ ਦਰਜ ਕਰਕੇ ਪੰਜ ਸਾਲ ਕੈਦ ਤੇ ਪੰਜ ਹਜ਼ਾਰ ਰੁਪਏ ਜ਼ੁਰਮਾਨਾ ਦੀ ਸਜ਼ਾ ਸੁਣਾਈ ਗਈ ਪਰ ਲੋਕਾਂ ਦੇ ਦਬਾਅ ਅੱਗੇ ਝੁਕਦਿਆਂ ਚਾਰ-ਪੰਜ ਮਹੀਨਿਆਂ ਦੀ ਨਜ਼ਰਬੰਦੀ ਤੋਂ ਬਾਅਦ ਰਿਹਾਅ ਕਰਨਾ ਪਿਆ। ਪੰਜਾਬ ਰਿਆਸਤੀ ਪਰਜਾ ਮੰਡਲ ਦੀ ਤੀਜੀ ਕਾਨਫਰੰਸ 1931 ਨੂੰ ਸ਼ਿਮਲਾ ਵਿੱਚ ਰੱਖੀ ਗਈ। ਇੱਥੇ ਸੇਵਾ ਸਿੰਘ ਨੇ ਮਹਾਤਮਾ ਗਾਂਧੀ ਨਾਲ ਰਿਆਸਤਾਂ ਦੀ ਆਜ਼ਾਦੀ ਤੋਂ ਬਿਨਾਂ ਰਾਜਨੀਤਕ ਵਿਚਾਰ-ਚਰਚਾ ਵੀ ਕੀਤੀ। ਇਸੇ ਸਾਲ ਹੀ ਰਿਆਸਤਾਂ ਦੀ ਸਰਬ ਹਿੰਦ ਜਥੇਬੰਦੀ ਵੱਲੋਂ ਬੰਬਈ (ਮੁੰਬਈ) ਵਿੱਚ ਕਾਨਫਰੰਸ ਕੀਤੀ ਗਈ, ਜਿਸ ਵਿੱਚ ਸੇਵਾ ਸਿੰਘ ਪੰਜਾਬ ਦੇ ਪ੍ਰਤੀਨਿਧ ਮੈਂਬਰ ਦੇ ਤੌਰ 'ਤੇ ਸ਼ਾਮਲ ਹੋਏ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਰਦਾਰ ਸੇਵਾ ਸਿੰਘ ਠੀਕਰੀਵਾਲਾ ਦਾ ਪੂਰਾ ਜੀਵਨ ਹਮੇਸ਼ਾਂ ਹੀ ਆਪਣੇ ਲੋਕਾਂ ਤੇ ਕੌਮ ਦੀ ਸੇਵਾ ਵਿੱਚ ਹਾਜ਼ਰ ਰਿਹਾ, ਇਸ ਪੂਰੇ ਜੀਵਨ ਦੌਰਾਨ ਉਹਨਾਂ ਨੂੰ ਬਹੁਤ ਵਾਰ ਜੇਲ੍ਹ ਵੀ ਜਾਣਾ ਪਿਆ। ਜਿਸ ਦਾ ਸੰਖੇਪ ਵੇਰਵਾ ਇਸ ਤਰ੍ਹਾਂ ਹੈ:-

1923 ਵਿੱਚ ਸ਼ਾਹੀ ਕਿਲ੍ਹਾ ਲਾਹੌਰ ਅਕਾਲੀ ਲੀਡਰਾਂ ਦੇ ਮੁੱਕਦਮਾ ਬਗਾਵਤ ਵਿੱਚ 3 ਸਾਲ ਨਜ਼ਰਬੰਦੀ।

1926 ਬਾਗੀ ਹੋਣ ਦੇ ਜੁਰਮ ਵਿੱਚ ਪਟਿਆਲਾ ਜੇਲ੍ਹ ਵਿੱਚ ਸਾਢੇ ਤਿੰਨ ਸਾਲ ਨਜ਼ਰਬੰਦੀ।

1930 ਵਿੱਚ ਬਗਾਬਤ ਦੇ ਜੁਰਮ ਵਿੱਚ ਪਟਿਆਲਾ ਜੇਲ੍ਹ ਵਿੱਚ ਛੇ ਸਾਲ ਕੈਦ, ਚਾਰ ਮਹੀਨੇ ਪਿੱਛੋਂ ਰਿਹਾਈ।

1931 ਸੰਗਰੂਰ ਸਤਿਆਗ੍ਰਹਿ 4 ਮਹੀਨੇ ਜੇਲ੍ਹ ਦੀ ਹੋਈ।

1932 ਮਲੇਰਕੋਟਲਾ ਮੋਰਚਾ 3 ਮਹੀਨੇ ਨਜ਼ਰਬੰਦੀ ਹੋਈ।

1933 ਪਟਿਆਲਾ ਹਦਾਇਤਾਂ ਦੀ ਖ਼ਲਾਫ਼-ਵਰਜ਼ੀ ਦੇ ਬਾਗ਼ੀਆਨਾ ਜੁਰਮ ਵਿੱਚ 8 ਸਾਲ ਕੈਦ ਤੇ 10 ਹਜ਼ਾਰ ਜੁਰਮਾਨਾ ਹੋਇਆ ਸੀ। ਇਹ ਕੈਦ ਹਜੇ ਡੇਢ ਸਾਲ ਹੀ ਕੱਟੀ ਸੀ। ਇਸ ਦੌਰਾਨ ਹੀ ਜੇਲ੍ਹ ਦੇ ਅੰਦਰ ਦੁਰਵਿਵਹਾਰ ਅਤੇ ਗੈਰ-ਮਨੁੱਖੀ ਵਤੀਰੇ ਵਿਰੁੱਧ ਸੇਵਾ ਸਿੰਘ ਠੀਕਰੀਵਾਲਾ ਨੇ ਜੇਲ੍ਹ ਵਿੱਚ ਭੁੱਖ ਹੜਤਾਲ ਸ਼ੁਰੂ ਕਰ ਦਿੱਤੀ ਸੀ।

ਭੁੱਖ ਹੜਤਾਲ ਕਾਰਨ ਸੇਵਾ ਸਿੰਘ ਦੀ ਹਾਲਤ ਦਿਨ-ਬ-ਦਿਨ ਖਰਾਬ ਹੋਣੀ ਸ਼ੁਰੂ ਹੋ ਗਈ ਸੀ ਪਰ ਸਰਕਾਰ ਨੇ ਇੱਥੇ ਬਿਲਕੁਲ ਵੀ ਧਿਆਨ ਨਾ ਦਿੱਤਾ। ਇੱਥੇ ਹੀ ਉਹ ਜ਼ਿੰਦਗੀ ਅਤੇ ਮੌਤ ਨਾਲ ਸੰਘਰਸ਼ ਕਰਦੇ ਹੋਏ ਭੁੱਖ-ਹੜਤਾਲ ਉਪਰੰਤ 19 ਅਤੇ 20 ਜਨਵਰੀ 1935 ਦੀ ਰਾਤ ਨੂੰ ਸ਼ਹੀਦੀ ਪ੍ਰਾਪਤ ਕਰ ਗਏ।

20 ਦਸੰਬਰ 1938 ਨੂੰ ਜਦੋਂ ਸਰਦਾਰ ਸੇਵਾ ਸਿੰਘ ਦੀਆਂ ਅਸਥੀਆਂ ਠੀਕਰੀਵਾਲਾ ਲੈਕੇ ਆਈਆਂ ਗਈਆਂ ਤਾਂ ਪਿੰਡ ਦੀ ਸਰਬਸੰਮਤੀ ਨਾਲ਼ ਸਰਦਾਰ ਜੀ ਦੀ ਯਾਦ ਵਿੱਚ ਇੱਕ ਹਾਈ ਸਕੂਲ ਬਣਾਉਣ ਦਾ ਫ਼ੈਸਲਾ ਕੀਤਾ ਗਿਆ ਸੀ। ਇਸਦੀ ਜ਼ੁੰਮੇਵਾਰੀ ਸਰਦਾਰ ਉਜਾਗਰ ਸਿੰਘ ਭੌਰਾ ਨੂੰ ਦਿੱਤੀ ਗਈ ਸੀ। ਜਿੰਨ੍ਹਾਂ ਨੇ ਆਪਣੇ ਸਾਥੀਆਂ ਨਾਲ਼ ਮਿਲ਼ਕੇ 13 ਅਪਰੈਲ 1950 ਨੂੰ ਸ਼ਹੀਦ ਸੇਵਾ ਸਿੰਘ ਹਾਈ ਸਕੂਲ ਜਾਰੀ ਕੀਤਾ ਗਿਆ। ਬਾਅਦ ਵਿੱਚ ਇਹ ਸਕੂਲ ਦਾ ਪ੍ਰਬੰਧ ਸਰਕਾਰ ਦੇ ਹੱਥ ਹੇਠ ਆ ਗਿਆ। 28 ਜਨਵਰੀ 1960 ਨੂੰ ਸ੍ਰੀ ਐਨ.ਵੀ. ਗੈਡਵਿਲ ਗਵਰਨਰ ਪੰਜਾਬ ਨੇ ਇਸ ਸਕੂਲ ਦੀ ਇਮਾਰਤ ਦੀ ਆਰੰਭਕ ਰਸਮ ਅਦਾ ਕੀਤੀ। ਅੱਜ ਵੀ ਪਿੰਡ ਠੀਕਰੀਵਾਲਾ ਵਿਖੇ ਸਰਦਾਰ ਸੇਵਾ ਸਿੰਘ ਜੀ ਦੀ ਸ਼ਹੀਦੀ ਯਾਦ 'ਚ 18,19,20 ਜਨਵਰੀ ਨੂੰ ਸਭਾ ਲੱਗਦੀ ਹੈ।

ਸਰਦਾਰ ਸੇਵਾ ਸਿੰਘ ਠੀਕਰੀਵਾਲਾ ਪਹਿਲਾਂ ਇਹ ਸਭਾ ਦਾ ਦੀਵਾਨ ਆਪਣੇ ਘਰ ਦੇ ਸਾਹਮਣੇ ਬਾਬਾ ਜੈਮਲ ਸਿੰਘ ਦੀ ਥਾਂ ਲਗਾਉਦੇ ਹੁੰਦੇ ਸੀ। ਬਾਅਦ 'ਚ ਇਹੀ ਸਭਾ ਨਵਾਬ ਕਪੂਰ ਸਿੰਘ ਦੇ ਇਤਿਹਾਸਕ ਗੁਰਦੁਆਰੇ ਵਿੱਚ ਲੱਗਦੀ ਰਹੀ ਹੈ। ਅੱਜ ਅਜਿਹੇ ਮਹਾਨ ਇਨਸਾਨ ਨੂੰ ਯਾਦ ਕਰਦਿਆਂ ਉਹਨਾਂ ਦੇ ਗੁਣ ਸਬਰ, ਨਿਰਸੁਆਰਥ ਸੇਵਾ ਭਾਵਨਾ,ਕੌਮੀ ਜਜ਼ਬੇ ਤੇ ਬਾਗੀ ਸੁਭਾਅ ਤੋਂ ਸਾਨੂੰ ਤੇ ਸਾਡੇ ਸਮਿਆਂ ਦੀ ਹਾਣੀ ਪੀੜ੍ਹੀ ਨੂੰ ਪ੍ਰੇਰਨਾ ਲੈਕੇ ਅੱਗੇ ਤੁਰਨ ਦੀ ਜਾਚ ਸਿੱਖਣੀ ਚਾਹੀਦੀ ਹੈ।

**-ਸ.ਸੁਖਚੈਨ ਸਿੰਘ ਕੁਰੜ**

**(ਪੰਜਾਬੀ ਅਧਿਆਪਕ ਤੇ ਭਾਸ਼ਾ ਮੰਚ ਸਰਪ੍ਰਸਤ) , ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੂੰਮ (ਬਰਨਾਲਾ)**

# ਕਲੱਕਤਾ ਵਿਚ ਮਹਿਲਾ ਡਾਕਟਰ ਦੇ ਕਾਤਲਾਂ ਨੂੰ ਮਿਲੇ ਸਖਤ ਤੋਂ ਸਖਤ ਸਜਾ:- ਸੰਜੀਵ ਅਰੋੜਾ




**ਹੁਸ਼ਿਆਰਪੁਰ, 23 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੀ ਗੋਪਾਲ ਮੰਦਿਰ ਕਮੇਟੀ ਜਲਧੰਰ ਰੋਡ ਅਤੇ ਭਾਰਤ ਵਿਕਾਸ ਪਰਿਸ਼ਦ ਦੇ ਮੈਂਬਰਾਂ ਦੁਆਰਾ ਮੰਦਿਰ ਵਿਹੜੇ ਵਿਚ ਕੱਲਕਤਾ ਵਿਚ ਮਹਿਲਾ ਡਾਕਟਰ ਦੇ ਨਾਲ ਹੋਏ ਦੁਸ਼ਕਰਮ ਅਤੇ ਹੱਤਿਆ ਦੀ ਸਖਤ ਸ਼ਬਦਾਂ ਵਿਚ ਨਿਖੇਦੀ ਕਰਦੇ ਹੋਏ ਉਨ੍ਹਾ ਨੂੰ ਮੋਮਬੱਤੀਆਂ ਜਲਾ ਕੇ ਸ਼ਰਧਾਂਜਲੀ ਦਿੱਤੀ ਗਈ ਅਤੇ ਪਰਮਪਿਤਾ ਪਰਮਾਤਮਾ ਨੂੰ ਬੇਨਤੀ ਕੀਤੀ ਗਈ ਕਿ ਉਨ੍ਹਾਂ ਨੂੰ ਆਪਣੇ ਚਰਨਾਂ ਵਿਚ ਥਾਂ ਦੇਣ। ਇਸ ਮੌਕੇ ਤੇ ਪਰਿਸ਼ਦ ਦੇ ਪ੍ਰਧਾਨ ਅਤੇ ਪ੍ਰਮੁੱਖ ਸਮਾਜ ਸੇਵੀ ਸੰਜੀਵ ਅਰੋੜਾ ਨੇ ਕਿਹਾ ਕਿ ਡਾਕਟਰ ਨੂੰ ਭਗਵਾਨ ਦਾ ਦੂਸਰਾ ਰੂਪ ਕਿਹਾ ਗਿਆ ਹੈ ਅਤੇ ਉਹ ਲੋਕਾਂ ਦੀ ਜਾਨ ਬਚਾਉਣ ਲਈ ਦਿਨ ਰਾਤ ਇੱਕ ਕਰ ਦਿੰਦੇ ਹਨ।ਇਸ ਵਿਚ ਅਗਰ ਭਗਵਾਨ ਰੂਪੀ ਡਾਕਟਰ ਨਾਲ ਇਨੀ ਘਿਨੌਣੀ ਹਰਕਤ ਹੋ ਜਾਵੇ ਤਾਂ ਦੇਸ਼ ਲਈ ਸ਼ਰਮ ਦੀ ਗੱਲ ਹੈ। ਸ਼੍ਰੀ ਅਰੋੜਾ ਨੇ ਕਿਹਾ ਕਿ ਇਸ ਤਰ੍ਹਾਂ ਦੀ ਘਿਨੌਣੀ ਹਰਕਤ ਕਰਨ ਵਾਲਿਆਂ ਨੂੰ ਛੱਡਣਾ ਨਹੀਂ ਚਾਹੀਦਾ ਅਤੇ ਦੇਸ਼ ਵਿਚ ਇਸ ਤਰ੍ਹਾਂ ਦੇ ਸਖਤ ਕਾਨੂੰਨ ਬਣਨੇ ਚਾਹੀਦੇ ਹਨ ਤਾਂਕਿ ਭੱਵਿਖ ਵਿੱਚ ਕੋਈ ਵੀ ਇਸ ਤਰ੍ਹਾਂ ਦੀ ਘਿਨੌਣੀ ਹਰਕਤ ਕਰਨ ਦੀ ਹਿੰਮਤ ਨਾ ਜੁਟਾ ਸਕੇ। ਸ਼੍ਰੀ ਅਰੋੜਾ ਨੇ ਨੌਜਵਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਲੜਕੀਆਂ ਦੀ ਸੁੱਰਖਿਆ ਦੇ ਲਈ ਅੱਗੇ ਆਉਣ।ਅਗਰ ਕੋਈ ਵਿਅਕਤੀ ਲੜਕੀਆਂ ਨਾਲ ਕੋਈ ਗਲਤ ਹਰਕਤ ਕਰਦਾ ਨਜਰ ਆਉਂਦਾ ਹੈ ਤਾਂ ਉਸ ਨੂੰ ਤੁਰੰਤ ਪਕੜ ਕੇ ਪੁਲਿਸ ਦੇ ਹਵਾਲੇ ਕਰਨ ਤਾਂਕਿ ਇਹ ਵੀ ਇਕ ਮਿਸਾਲ ਬਣ ਸਕੇ। ਇਸ ਮੌਕੇ ਤੇ ਸ਼੍ਰੀ ਗੋਪਾਲ ਮੰਦਿਰ ਦੇ ਵੱਲੋਂ ਵਿਕਾਸ ਕੁਮਾਰ ਨੇ ਕਿਹਾ ਕਿ ਸਾਡੇ ਦੇਸ਼ ਵਿੱਚ ਲੜਕਾ ਅਤੇ ਲੜਕੀ ਬਰਾਬਰ ਹਨ।ਇਨ੍ਹਾਂ ਵਿਚ ਫਰਕ ਨਹੀਂ ਕੀਤਾ ਜਾਂਦਾ।ਪਰ ਅੱਜ ਵੀ ਅਸੀਂ ਜਦੋਂ ਆਪਣੀਆਂ ਭੈਣਾਂ ਅਤੇ ਬੇਟੀਆਂ ਨੂੰ ਕਿਸੀ ਕੰਮ ਨੂੰ ਕਰਨ ਲਈ ਬਾਹਰ ਭੇਜਦੇ ਹਾਂ ਤਾਂ ਪਰਿਵਾਰ ਚਿੰਤਾ ਵਿਚ ਰਹਿੰਦਾ ਹੈ। ਇਸ ਲਈ ਸਰਕਾਰ ਨੂੰ ਚਾਹੀਦਾ ਹੈ ਕਿ ਲੜਕੀਆਂ ਦੀ ਸੁਰਖਿਆ ਲਈ ਬੇਹਤਰ ਇੰਤਜ਼ਾਮ ਕੀਤੇ ਜਾਣ ਤਾਂ ਕਿ ਸਾਡੀਆ ਭੈਣਾ ਅਤੇ ਬੇਟੀਆਂ ਵੀ ਬਿਨਾ ਕਿਸੀ ਡਰ ਤੋਂ ਆਪਣਾ ਕੰਮ ਕਰ ਸੱਕਣ। ਇਸ ਮੌਕੇ ਤੇ ਮਹਿਲਾ ਵਿੰਗ ਦੀ ਪ੍ਰਧਾਨ ਨੀਲਮ ਖਨਾ, ਸੁਨੀਤਾ ਰਾਣੀ, ਕਮਲੇਸ਼ ਨਅਈਰ, ਪਿੰਕੀ, ਕੰਚਨ, ਮੋਨੀਕਾ, ਨੇਹਾ ਲਲਿਤ, ਸੀਮਾ ਸ਼ੋਕਲਾ, ਵੀਨਾ, ਸਨੇਹਾ ਕਾਲੜਾ, ਪਡਿੰਤ ਸਤੀਸ਼ ਮਿਸ਼ਰਾ, ਸਤੀਸ਼ ਬਾਂਸਲ, ਦਿਨੇਸ਼ ਕੁਮਾਰ, ਹੈਪੀ ਅਤੇ ਹੋਰ ਵੀ ਉਪਸਥਿਤ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਜ਼ਿਲ੍ਹਾ ਤੇ ਸੈਸ਼ਨ ਜੱਜ ਨੇ ਕੀਤਾ ਕੇਂਦਰੀ ਜੇਲ੍ਹ ਦਾ ਦੌਰਾ, ਕੇਂਦਰੀ ਜੇਲ੍ਹ ਵਿਖੇ ਕੰਟੀਨ ਦਾ ਵੀ ਕੀਤਾ ਉਦਘਾਟਨ ਕੈਦੀਆਂ ਤੇ ਹਵਾਲਾਤੀਆਂ ਦੀਆਂ ਸੁਣੀਆਂ ਸਮੱਸਿਆਵਾਂ




**ਹੁਸ਼ਿਆਰਪੁਰ, 23 ਅਗਸਤ (ਆਵਾਜ਼ਿ ਕੌਮ ਬਿਊਰੋ)**-ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਹੁਸ਼ਿਆਰਪੁਰ ਦਿਲਬਾਗ ਸਿੰਘ ਜੌਹਲ ਨੇ ਅੱਜ ਕੇਂਦਰੀ ਜੇਲ੍ਹ ਹੁਸ਼ਿਆਰਪੁਰ ਦਾ ਦੌਰਾ ਕੀਤਾ। ਇਸ ਮੌਕੇ ਸੀ.ਜੇ.ਐਮ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰਾਜ ਪਾਲ ਰਾਵਲ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਜ਼ਿਲ੍ਹਾ ਅਤੇ ਸੈਸ਼ਨ ਜੱਜ ਨੇ ਜੇਲ੍ਹ ਵਿਚ ਬੰਦ ਕੈਦੀਆਂ/ਹਵਾਲਾਤੀਆਂ ਦੀਆਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਉਨ੍ਹਾਂ ਦੀਆਂ ਦੀਆਂ ਮੁਸ਼ਿਕਲਾਂ ਨੂੰ ਹੱਲ ਕਰਨ ਲਈ ਕੇਂਦਰੀ ਜੇਲ੍ਹ ਸੁਪਰਡੰਟ ਨੂੰ ਨਿਰਦੇਸ਼ ਦਿੱਤੇ। ਉਨ੍ਹਾਂ ਕੈਦੀਆਂ ਦੀ ਸਿਹਤ ਸਬੰਧੀ ਵੀ ਜਾਣਕਾਰੀ ਹਾਸਲ ਕੀਤੀ ਅਤੇ ਕੇਂਦਰੀ ਜੇਲ੍ਹ ਡਾਕਟਰ ਪੁਨੀਤ ਨੂੰ ਮਰੀਜ਼ਾਂ ਦੇ ਰੈਗੂਲਰ ਮੈਡੀਕਲ ਚੈਕਅੱਪ ਸਬੰਧੀ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਜੇਲ੍ਹ ਅੰਦਰ ਕੈਦੀਆਂ ਨੂੰ ਦਿੱਤੇ ਜਾਣ ਵਾਲੇ ਖਾਣੇ ਸਬੰਧੀ ਰਸੋਈ ਘਰ ਦਾ ਜਾਇਜ਼ਾ ਵੀ ਲਿਆ ਅਤੇ ਜੇਲ੍ਹ ਅੰਦਰ ਸਾਫ਼- ਸਫਾਈ ਦਾ ਖਾਸ ਤੌਰ 'ਤੇ ਧਿਆਨ ਰੱਖਣ ਲਈ ਸੁਪਰਡੰਟ ਕੇਂਦਰੀ ਜੇਲ੍ਹ ਨੂੰ ਨਿਰਦੇਸ਼ ਦਿੱਤੇ।ਉਨ੍ਹਾਂ ਦੱਸਿਆ ਕਿ ਕੇਂਦਰ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਗ਼ਰੀਬ ਕੈਦੀਆਂ ਦੀ ਸਹਾਇਤਾ ਲਈ ਸਕੀਮ ਨੂੰ ਲਾਗੂ ਕਰਨ ਦੇ ਸਬੰਧ ਵਿਚ ਸੁਪਰਡੈਂਟ ਕੇਂਦਰੀ ਜੇਲ੍ਹ ਨੂੰ ਨਿਰਦੇਸ਼ ਦਿੱਤੇ ਕਿ ਇਸ ਸਕੀਮ ਅਧੀਨ ਜਿਹੜੇ ਹਵਾਲਾਤੀਆਂ ਅਤੇ ਦੋਸ਼ੀਆਂ ਦੇ ਕੇਸਾਂ ਵਿਚ ਜ਼ਮਾਨਤ ਦੇ ਹੁਕਮ ਦੇ ਸੱਤ ਦਿਨ ਹੋ ਗਏ ਹਨ, ਬਾਰੇ ਜਾਣਕਾਰੀ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦਫ਼ਤਰ ਨੂੰ ਭੇਜੀ ਜਾਵੇ। ਇਸ ਦੇ ਨਾਲ ਹੀ ਉਨ੍ਹਾਂ ਹਰੇਕ ਬੈਰਕ ਦੇ ਬਾਹਰ ਨੋਟਿਸ ਬੋਰਡ 'ਤੇ ਪੈਨਲ ਐਡਵੋਕੇਟਾਂ/ਲੀਗਲ ਏਡ ਡਿਫੈਂਸ ਕੌਂਸਲ ਦੇ ਨਾਵਾਂ ਦੀ ਲਿਸਟ ਲਗਾਉਣ ਲਈ ਕਿਹਾ। ਇਸ ਮੌਕੇ ਜ਼ਿਲ੍ਹਾ ਤੇ ਸੈਸ਼ਨ ਜੱਜ ਵੱਲੋਂ ਕੇਂਦਰੀ ਜੇਲ੍ਹ ਵਿਖੇ ਕੰਟੀਨ ਦਾ ਉਦਘਾਟਨ ਵੀ ਕੀਤਾ ਗਿਆ, ਤਾਂ ਜੋ ਕੈਦੀਆਂ/ਹਵਾਲਾਤੀਆਂ ਨੂੰ ਮਿਲਣ ਆਉਣ ਵਾਲੇ ਰਿਸ਼ਤੇਦਾਰਾਂ ਨੂੰ ਚਾਹ-ਪਾਣੀ ਸਬੰਧੀ ਕਿਸੇ ਕਿਸਮ ਦੀ ਸਮੱਸਿਆ ਪੇਸ਼ ਨਾ ਆਵੇ। ਸੀ.ਜੇ.ਐਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰਾਜ ਪਾਲ ਰਾਵਲ ਨੇ ਔਰਤਾਂ ਨੂੰ ਮੁਫ਼ਤ ਕਾਨੂੰਨੀ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕੇਂਦਰੀ ਜੇਲ੍ਹ ਵਿਖੇ ਲੀਗਲ ਏਡ ਕਲੀਨਿਕ ਦੇ ਕੰਮਕਾਜ਼ ਦੇ ਰਜਿਸਟਰ ਚੈੱਕ ਕੀਤੇ। ਇਸ ਮੌਕੇ ਕੇਂਦਰੀ ਜੇਲ੍ਹ ਸੁਪਰਡੰਟ ਬਲਜੀਤ ਸਿੰਘ ਘੁੰਮਣ, ਡਿਪਟੀ ਸੁਪਰਡੰਟ ਹਰਭਜਨ ਸਿੰਘ ਅਤੇ ਲੀਗਲ ਏਡ ਡਿਫੈਂਸ ਕੌਂਸਲ ਸਿਸਟਮ ਹੁਸ਼ਿਆਰਪੁਰ ਦੇ ਚੀਫ ਵਿਸ਼ਾਲ ਕੁਮਾਰ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਦਮਦਮੀ ਟਕਸਾਲ ਵਲੋਂ ਇੰਗਲੈਂਡ ਵਿਖੇ ਆਯੋਜਿਤ

# ਪਾਠ ਬੋਧ ਸਮਾਗਮ ਦੀ ਸੰਪੂਰਨਤਾ

## ਇੰਗਲੈਂਡ ਦੀ ਧਰਤੀ 'ਤੇ ਧਰਮ ਪ੍ਰਚਾਰ ਦੀ ਲਹਿਰ ਜਾਰੀ ਰੱਖੀ ਜਾਵੇਗੀ : ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ




















**ਲੰਡਨ**, 23 **ਅਗਸਤ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਸਮਾਉਣ ਅਤੇ ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਤਾਗੱਦੀ ਦਿਵਸ ਦੀ 450 ਸਾਲਾ ਸ਼ਤਾਬਦੀ ਅਤੇ ਦਮਦਮੀ ਟਕਸਾਲ ਦੇ 318ਵੇਂ ਸਥਾਪਨਾ ਦਿਵਸ ਨੂੰ ਸਮਰਪਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸ਼ੁੱਧ ਪਾਠ ਬੋਧ ਸਮਾਗਮ, ਜੋ ਇੰਗਲੈਂਡ ਦੀ ਧਰਤੀ 'ਤੇ ਪਹਿਲੀ ਵਾਰ ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਭਿੰਡਰਾਂਵਾਲੇ ਪ੍ਰਧਾਨ ਸੰਤ ਸਮਾਜ ਵਲੋਂ ਇੰਗਲੈਂਡ ਦੀਆਂ ਸਮੁੱਚੀਆਂ ਸੰਗਤਾਂ ਦੇ ਸਹਿਯੋਗ ਨਾਲ 20 ਜੁਲਾਈ ਨੂੰ ਆਰੰਭ ਕੀਤੇ ਗਏ ਸਨ, ਦੀ ਸੰਪੂਰਨਤਾ ਗੁਰਦੁਆਰਾ ਸ੍ਰੀ ਗੁਰੂ ਹਰਿਰਾਏ ਸਾਹਿਬ ਵੈਸਟ ਬਰੋਮਵਿਚ ਬਰਮਿੰਘਮ ਇੰਗਲੈਂਡ ਵਿਖੇ ਹੋਈ। ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਇਨ੍ਹਾਂ ਸੰਪੂਰਨਤਾ ਸਮਾਗਮਾਂ ਵਿਚ ਸ਼ਿਰਕਤ ਕਰਨ ਲਈ ਇੰਗਲੈਂਡ ਪੁੱਜੇ ਅਤੇ ਸੰਪੂਰਨਤਾ ਸਮਾਗਮ ਮੌਕੇ ਉਨ੍ਹਾਂ ਇੰਗਲੈਂਡ ਦੀਆਂ ਸੰਗਤਾਂ ਦਾ ਸਮਾਗਮ ਦੀ ਸੰਪੂਰਨਤਾ ਲਈ ਦਿੱਤੇ ਸਹਿਯੋਗ ਲਈ ਧੰਨਵਾਦ ਕੀਤਾ ਅਤੇ ਸੈਂਕੜੇ ਪ੍ਰਾਣੀ ਜਿਨ੍ਹਾਂ ਪਾਠ ਬੋਧ ਸਮਾਗਮ ਵਿਚ ਇਕ ਮਹੀਨਾ ਬਿਨਾਂ ਨਾਗਾ ਸੰਥਿਆ ਪ੍ਰਾਪਤ ਕੀਤੀ, ਉਨ੍ਹਾਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ। ਉਨ੍ਹਾਂ ਕਿਹਾ ਕਿ ਦਮਦਮੀ ਟਕਸਾਲ ਵਲੋਂ ਇੰਗਲੈਂਡ ਵਿਖੇ ਜੋ ਪਿਛਲੇ ਸਮੇਂ ਤੋਂ ਧਰਮ ਪ੍ਰਚਾਰ ਦੀ ਲਹਿਰ ਚਲਾਈ ਜਾ ਰਹੀ ਹੈ ਉਹ ਅੱਗੋਂ ਵੀ ਇਸੇ ਤਰ੍ਹਾਂ ਜਾਰੀ ਰਹੇਗੀ ।ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਐਡੀਸ਼ਨਲ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਵੀ ਹਾਜ਼ਰ ਸਨ। ਇਨ੍ਹਾਂ ਤੋਂ ਇਲਾਵਾ ਇਸ ਮੌਕੇ ਭਾਈ ਦਯਾ ਸਿੰਘ ਪ੍ਰਧਾਨ ਗੁ. ਹਰਿਰਾਏ ਸਾਹਿਬ ਵੈਸਟ ਬਰੋਮਵਿਚ, ਭਾਈ ਦਇਆ ਸਿੰਘ ਉਪ ਪ੍ਰਧਾਨ, ਭਾਈ ਅਮਕਾਰ ਸਿੰਘ, ਭਾਈ ਸਤਨਾਮ ਸਿੰਘ, ਭਾਈ ਪਰਗਣ ਸਿੰਘ, ਭਾਈ ਜੋਗਿੰਦਰ ਸਿੰਘ, ਭਾਈ ਮਨਦੀਪ ਸਿੰਘ, ਭਾਈ ਜਸਵੀਰ ਸਿੰਘ ਖਹਿਰਾ, ਭਾਈ ਜਗਵੀਰ ਸਿੰਘ, ਜਸਵੀਰ ਸਿੰਘ ਸੰਧੂ, ਭਾਈ ਗੁਰਦੇਵ ਸਿੰਘ ਸੰਧੂ, ਭਾਈ ਜਸਪ੍ਰੀਤ ਸਿੰਘ, ਭਾਈ ਜਸਵੰਤ ਸਿੰਘ, ਭਾਈ ਸ਼ਮਸ਼ੇਰ ਸਿੰਘ, ਭਾਈ ਜੋਧਾ ਸਿੰਘ, ਭਾਈ ਨਰਿੰਦਰ ਸਿੰਘ, ਭਾਈ ਜਰਨੈਲ ਸਿੰਘ, ਭਾਈ ਜੋਗਿੰਦਰ ਸਿੰਘ ਪੁਰੇਵਾਲ, ਭਾਈ ਗੁਰਦਿਆਲ ਸਿੰਘ ਰੰਧਾਵਾ, ਭਾਈ ਜਸਬੀਰ ਸਿੰਘ, ਭਾਈ ਜਗਜੀਤ ਸਿੰਘ ਭਾਈ ਖਜ਼ਾਨ ਸਿੰਘ ਡਰਬੀ, ਭਾਈ ਗੁਰਦੇਵ ਸਿੰਘ ਡਰਬੀ, ਭਾਈ ਕਰਮਜੀਤ ਸਿੰਘ ਸਨਾਮ ਭਾਈ ਕੁਲਦੀਪ ਸਿੰਘ ਦਿਓਲ, ਭਾਈ ਹਰਜੀਤ ਸਿੰਘ, ਭਾਈ ਰਣਜੀਤ ਸਿੰਘ, ਭਾਈ ਪਿਆਰਾ ਸਿੰਘ ਭੋਗਲ,ਭਾਈ ਕਪਤਾਨ ਸਿੰਘ, ਭਾਈ ਬਘੇਲ ਸਿੰਘ, ਭਾਈ ਸਤਵਿੰਦਰ ਸਿੰਘ ਜਾਗੋ, ਭਾਈ ਹਰਜੀਤ ਸਿੰਘ ਜਾਗੋ, ਭਾਈ ਰਘਬੀਰ ਸਿੰਘ ਪ੍ਰਧਾਨ ਗੁ. ਬਾਬਾ ਸੰਗ ਜੀ ਬਰਮਿੰਘਮ, ਭਾਈ ਸੁਖਦੀਪ ਸਿੰਘ ਪਤਾਰਾ, ਭਾਈ ਬਲਵਿੰਦਰ ਸਿੰਘ ਚਹੇੜੂ, ਭਾਈ ਤਰਲੋਚਨ ਸਿੰਘ ਦਮਦਮੀ ਟਕਸਾਲ, ਭਾਈ ਸਿਮਰਨਜੀਤ ਸਿੰਘ ਦਮਦਮੀ ਟਕਸਾਲ, ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਦਮਦਮੀ ਟਕਸਾਲ ਵਲੋਂ ਇੰਗਲੈਂਡ ਵਿਖੇ ਆਯੋਜਿਤ

# ਪਾਠ ਬੋਧ ਸਮਾਗਮ ਦੀ ਸੰਪੂਰਨਤਾ

## ਇੰਗਲੈਂਡ ਦੀ ਧਰਤੀ 'ਤੇ ਧਰਮ ਪ੍ਰਚਾਰ ਦੀ ਲਹਿਰ ਜਾਰੀ ਰੱਖੀ ਜਾਵੇਗੀ : ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ







ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਵੱਲੋ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਦੇਖ ਰੇਖ ਹੇਠ ਪਹਿਲੀ ਵਾਰ ਇੰਗਲੈਂਡ ਵਿਖੇ

# ਗੁਰਦੁਆਰਾ ਹਰਿ ਰਾਇ ਸਾਹਿਬ ਵੈਸਟ ਬਰਾਮਵਿੱਚ ਵਿਖੇ ਪਾਠ ਗਿਆਨ ਬੋਧ ਦੇ ਸਮਾਗਮ 20 ਜੁਲਾਈ ਤੋਂ 18 ਅੱਗਸਤ ਤੱਕ ਕਰਵਾਏ ਗਏ ਜਿਸ ਦੀਆ ਯਾਦਗਾਰੀ ਤਸਵੀਰਾਂ ਪੇਸ਼ ਹਨ












ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਵੱਲੋ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਦੇਖ ਰੇਖ ਹੇਠ ਪਹਿਲੀ ਵਾਰ ਇੰਗਲੈਂਡ ਵਿਖੇ

# ਗੁਰਦੁਆਰਾ ਹਰਿ ਰਾਇ ਸਾਹਿਬ ਵੈਸਟ ਬਰਾਮਵਿੱਚ ਵਿਖੇ ਪਾਠ ਗਿਆਨ ਬੋਧ ਦੇ ਸਮਾਗਮ 20 ਜੁਲਾਈ ਤੋਂ 18 ਅੱਗਸਤ ਤੱਕ ਕਰਵਾਏ ਗਏ ਜਿਸ ਦੀਆ ਯਾਦਗਰੀ ਤਸਵੀਰਾਂ ਪੇਸ਼ ਹਨ













ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਵੱਲੋ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਦੇਖ ਰੇਖ ਹੇਠ ਪਹਿਲੀ ਵਾਰ ਇੰਗਲੈਂਡ ਵਿਖੇ

# ਗੁਰਦੁਆਰਾ ਹਰਿ ਰਾਇ ਸਾਹਿਬ ਵੈਸਟ ਬਰਾਮਵਿੱਚ ਵਿਖੇ ਪਾਠ ਗਿਆਨ ਬੋਧ ਦੇ ਸਮਾਗਮ 20 ਜੁਲਾਈ ਤੋਂ 18 ਅੱਗਸਤ ਤੱਕ ਕਰਵਾਏ ਗਏ ਜਿਸ ਦੀਆ ਯਾਦਗਰੀ ਤਸ਼ਵੀਰਾਂ ਪੇਸ਼ ਹਨ

























ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਵੱਲੋ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਦੇਖ ਰੇਖ ਹੇਠ ਪਹਿਲੀ ਵਾਰ ਇੰਗਲੈਂਡ ਵਿਖੇ

# ਗੁਰਦੁਆਰਾ ਹਰਿ ਰਾਇ ਸਾਹਿਬ ਵੈਸਟ ਬਰਾਮਵਿੱਚ ਵਿਖੇ ਪਾਠ ਗਿਆਨ ਬੋਧ ਦੇ ਸਮਾਗਮ 20 ਜੁਲਾਈ ਤੋਂ 18 ਅੱਗਸਤ ਤੱਕ ਕਰਵਾਏ ਗਏ ਜਿਸ ਦੀਆ ਯਾਦਗਰੀ ਤਸ਼ਵੀਰਾਂ ਪੇਸ਼ ਹਨ





















ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਵੱਲੋਂ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਦੇਖ ਰੇਖ ਹੇਠ

# ਪਹਿਲੀ ਵਾਰ ਇੰਗਲੈਂਡ ਵਿਖੇ ਗੁਰਦੁਆਰਾ ਹਰਿ ਰਾਇ ਸਾਹਿਬ ਵੈਸਟ ਬਰਾਮਵਿੱਚ ਵਿਖੇ ਪਾਠ ਗਿਆਨ ਬੋਧ ਦੇ ਸਮਾਗਮ 20 ਜੁਲਾਈ ਤੋਂ 18 ਅਗਸਤ ਤੱਕ ਕਰਵਾਏ ਗਏ ਜਿਸ ਦੀਆਂ ਯਾਦਗਰੀ ਤਸ਼ਵੀਰਾਂ ਪੇਸ਼ ਹਨ
























## ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਵੱਲੋਂ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਦੇਖ ਰੇਖ ਹੇਠ

# ਪਹਿਲੀ ਵਾਰ ਇੰਗਲੈਂਡ ਵਿਖੇ ਗੁਰਦੁਆਰਾ ਹਰਿ ਰਾਇ ਸਾਹਿਬ ਵੈਸਟ ਬਰਾਮਵਿੱਚ ਵਿਖੇ ਪਾਠ ਗਿਆਨ ਬੋਧ ਦੇ ਸਮਾਗਮ 20 ਜੁਲਾਈ ਤੋਂ 18 ਅਗਸਤ ਤੱਕ ਕਰਵਾਏ ਗਏ ਜਿਸ ਦੀਆਂ ਯਾਦਗਰੀ ਤਸ਼ਵੀਰਾਂ ਪੇਸ਼ ਹਨ





















